ਇਸ ਵਾਰ ਗਰਮੀ ਦੀਆਂ ਛੁੱਟੀਆਂ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
2700 ਵੀਜ਼ਾ
1 ਜਨਵਰੀ 2024 ਤੋਂ 2 ਮਈ 2024 ਤੱਕ ਲੱਗੇ
easyvisa
8194 828282

ਸੱਚ ਤੇ ਨਿਡਰ ਆਵਾਜ਼ ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ ਅਮਨਦੀਪ ਮਹਿਰਾ
ਸ਼ਨੀਵਾਰ 11 ਮਈ 2024

EDUCATING LITERATES
LALLY
Infosys
Since 1997
Group of Institutions
ISO 9001-2015 Certified
Serving Society with Quality Education
STUDY ABROAD
LALLY BUILDING, BMC CHOWK
JALANDHAR 98889-00011

R.N.I.Punpun/29016/2008 * ਸਾਲ 15 * ਅੰਕ : 346 * ਮੁੱਲ ; 5.00 ਰੁਪਏ * ਕੁੱਲ ਪੇਜ 10 * ਦਫਤਰ : 0181-2211009 * : M 99155-94111

ਇਸ ਵਾਰ ਗਰਮੀ ਦੀਆਂ ਛੁੱਟੀਆਂ ਮਨਾਓ
ਕੈਨੇਡਾ
ਸ਼ੈਨੇਗਨ/ ਯੂ.ਕੇ./ ਆਸਟ੍ਰੇਲੀਆ ਟੂਰਿਸਟ ਵੀਜ਼ਾ
2700 ਵੀਜ਼ਾ
1 ਜਨਵਰੀ 2024 ਤੋਂ 2 ਮਈ 2024 ਤੱਕ ਲੱਗੇ
easyvisa | 8194 828282

## ਮੋਦੀ ਇਸ ਵਾਰ ਨਹੀਂ ਬਣਨਗੇ ਪ੍ਰਧਾਨ ਮੰਤਰੀ - ਰਾਹੁਲ ਗਾਂਧੀ



ਕਨੌਂਜ, 10 ਮਈ- ਯੂਪੀ 'ਚ 'ਇੰਡੀਆ' ਗੱਠਜੋੜ ਦਾ ਤੂਫ਼ਾਨ ਆਉਣ ਦਾ ਦਾਅਵਾ ਕਰਦਿਆਂ ਕਾਂਗਰਸ ਆਗੂ ਰਾਹੁਲ ਗਾਂਧੀ ਨੇ ਕਿਹਾ ਕਿ ਐਤਕੀਂ ਨਰਿੰਦਰ ਮੋਦੀ ਪ੍ਰਧਾਨ ਮੰਤਰੀ ਦੇ ਅਹੁਦੇ 'ਤੇ ਨਹੀਂ ਬੈਠਣਗੇ। ਸਮਾਜਵਾਦੀ ਪਾਰਟੀ ਮੁਖੀ ਅਖਿਲੇਸ਼ ਯਾਦਵ ਨਾਲ ਕਨੌਂਜ 'ਚ ਰੈਲੀ ਨੂੰ ਸੰਬੋਧਨ ਕਰਦਿਆਂ ਰਾਹੁਲ ਨੇ ਕਿਹਾ,'ਤੁਸੀਂ ਲਿਖ ਕੇ ਗਾਰੰਟੀ ਲੈ ਲਓ ਕਿ ਨਰਿੰਦਰ ਮੋਦੀ ਐਤਕੀਂ ਪ੍ਰਧਾਨ ਮੰਤਰੀ ਨਹੀਂ ਬਣਨ ਜਾ ਰਹੇ ਹਨ। ਉਨ੍ਹਾਂ ਦਾ ਕੰਮ ਖ਼ਤਮ ਹੋਇਆ।" ਕਨੌਂਜ ਤੋਂ ਅਖਿਲੇਸ਼ ਯਾਦਵ ਖ਼ੁਦ ਚੋਣ ਲੜ ਰਹੇ ਹਨ। ਭਾਜਪਾ ਦੇ ਚੋਣ ਹਾਰਨ ਦੀ ਭਵਿੱਖਬਾਣੀ ਕਰਦਿਆਂ ਰਾਹੁਲ ਨੇ ਕਿਹਾ, ਆਪ ਲਿਖ ਕੇ ਲੇ ਲੋ। ਮੋਦੀ ਚੁਨਾਵ ਹਾਰਨ ਵਾਲੇ ਹੈਂ।

## ਕੇਜਰੀਵਾਲ ਨੂੰ ਮਿਲੀ ਸੁਪਰੀਮ ਕੋਰਟ ਤੋਂ ਜ਼ਮਾਨਤ ਜੇਲ੍ਹ ਵਿਚੋਂ ਆਏ ਬਾਹਰ



**ਦਿੱਲੀ, ਲੋਕ ਬਾਣੀ** ਸੁਪਰੀਮ ਕੋਰਟ ਨੇ ਦਿੱਲੀ ਸ਼ਰਾਬ ਨੀਤੀ ਮਾਮਲੇ ਵਿੱਚ ਅੱਜ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ 1 ਜੂਨ ਤੱਕ ਅੰਤਰਿਮ ਜ਼ਮਾਨਤ ਦੇ ਦਿੱਤੀ। ਕੇਜਰੀਵਾਲ ਦੇ ਵਕੀਲ ਨੇ 5 ਜੂਨ ਤੱਕ ਅੰਤਰਿਮ ਜ਼ਮਾਨਤ ਮੰਗੀ ਸੀ ਪਰ ਅਦਾਲਤ ਨੇ ਇਸ ਨੂੰ ਰੱਦ ਕਰ ਦਿੱਤਾ। ਜਸਟਿਸ ਸੰਜੀਵ ਖੰਨਾ ਤੇ ਜਸਟਿਸ ਦੀਪਾਂਕਰ ਦੱਤਾ ਦੇ ਬੈਂਚ ਨੇ ਕਿਹਾ ਕਿ ਦਿੱਲੀ ਦੇ ਮੁੱਖ ਮੰਤਰੀ 2 ਜੂਨ ਨੂੰ ਜੇਲ੍ਹ ਅਧਿਕਾਰੀਆਂ ਕੋਲ ਆਤਮ ਸਮਰਪਣ ਕਰ ਦੇਣ।ਈਡੀ ਕੇਜਰੀਵਾਲ ਨੂੰ ਸ਼ਰਾਬ ਘਪਲੇ ਦਾ ਮੁੱਖ ਸਰਗਨਾ ਦੱਸ ਰਹੀ ਹੈ।

## ਭਾਰਤ ਪਾਕਿਸਤਾਨ ਸਰਹੱਦ ਤੋਂ ਕਾਬੂ ਕੀਤੀ ਗਈ ਤਿੰਨ ਕਰੋੜ ਦੀ ਹੈਰੋਇਨ

ਅਮ੍ਰਿਤਸਰ, ਲੋਕ ਬਾਣੀ- ਅਟਾਰੀ, 10 ਮਈ (ਰਾਜਿੰਦਰ ਸਿੰਘ ਰੂਬੀ/ਗੁਰਦੀਪ ਸਿੰਘ)- ਪੰਜਾਬ ਦੇ ਸਰਹੱਦੀ ਜ਼ਿਲ੍ਹੇ ਅੰਮ੍ਰਿਤਸਰ ਦੇ ਪੁਲਿਸ ਥਾਣਾ ਘਰਿੰਡਾ ਅਧੀਨ ਆਉਂਦੇ ਤੇ ਇਲਾਕੇ ਵਿਚੋਂ ਪਾਕਿਸਤਾਨੀ ਨਸ਼ਾ ਤਸਕਰਾਂ ਵਲੋਂ ਭਾਰਤੀ ਨਸ਼ਾ ਤਸਕਰਾਂ ਦੇ ਕਹਿਣ 'ਤੇ ਭੇਜੀ ਗਈ ਹੈਰੋਇਨ ਨੂੰ ਸਰਹੱਦ ਤੋਂ ਚੁੱਕ ਕੇ ਅੱਗੇ ਵੇਚਣ ਲਈ ਜਾ ਰਹੇ ਨਸ਼ਾ ਤਸਕਰਾਂ ਨੂੰ ਪੁਲਿਸ ਨੇ ਮੌਕੇ 'ਤੇ ਹੀ ਕਾਰਵਾਈ ਕਰਦਿਆਂ ਗ੍ਰਿਫ਼ਤਾਰ ਕਰ ਲਿਆ ਗਿਆ ਹੈ।

## ਪੰਜਾਬ ਵਿੱਚ ਤੇਜ਼ ਹਨੇਰੀ ਤੇ ਹਲਕੀ ਬਾਰਿਸ਼ ਕਾਰਨ ਗਰਮੀ ਤੋਂ ਮਿਲੀ ਰਾਹਤ

ਚੰਡੀਗੜ੍ਹ, ਵਿਨੋਦ ਸ਼ਰਮਾ –ਪੰਜਾਬ ਵਿੱਚ ਸ਼ੁਕਰਵਾਰ ਦੁਪਹਿਰ ਤੋਂ ਬਾਅਦ ਰਾਜਂ ਦੇ ਕੁਝ ਜਿਲੇਆ ਚ ਮੋਸਮ ਸੁਹਾਵਣਾ ਹੋਇਆ ਲੋਕਾਂ ਨੂੰ ਗਰਮੀ ਤੋਂ ਰਾਹਤ ਮਿਲੀ ਮਾਲਵਾ ਦੇ ਤਪਾ ਖੇਤਰ ਵਿਚ ਚੱਲੀ ਹਨ੍ਹੇਰੀ ਤੋਂ ਬਾਅਦ ਹਲਕੀ ਬਾਰਸ਼ ਦੇ ਪੈਣ ਨਾਲ ਲੋਕਾਂ ਨੇ ਸੁਖ ਦਾ ਸਾਹ ਲਿਆ ਹੈ । ਕਿਸਾਨਾਂ ਨੇ ਦੱਸਿਆ ਕਿ ਇਸ ਬਾਰਸ਼ ਕਾਰਨ ਜਿੱਥੇ ਗਰਮੀ ਤੋਂ ਰਾਹਤ ਮਿਲੇਗੀ ਉਥੇ ਫ਼ਸਲ ਦੀ ਬਿਜਾਈ ਲਈ ਬਾਰਸ਼ ਲਾਹੇਵੰਦ ਸਾਬਤ ਹੋਵੇਗੀ।

## ਛੱਤੀਸਗੜ੍ਹ 'ਚ ਹੋਈ ਮੁਠਭੇੜ ਦੋਰਾਨ ਛੇ ਨਕਸਲੀ ਮਾਰੇ ਗਏ



ਰਾਏਪੁਰ, 10 ਮਈ- ਸੂਤਰਾਂ ਦੇ ਹਵਾਲੇ ਤੋਂ ਮਿਲੀ ਜਾਣਕਾਰੀ ਅਨੁਸਾਰ ਛੱਤੀਸਗੜ੍ਹ ਦੇ ਬੀਜਾਪੁਰ ਜ਼ਿਲ੍ਹੇ ਦੇ ਗੰਗਲੂਰ ਪੁਲਿਸ ਸਟੇਸ਼ਨ ਦੀ ਸੀਮਾ ਅਧੀਨ ਪਿਡੀਆ ਦੇ ਜੰਗਲ ਵਿਚ ਚੱਲ ਰਹੇ ਮੁਕਾਬਲੇ ਵਿਚ ਘੱਟੋ-ਘੱਟ 6 ਨਕਸਲੀ ਮਾਰੇ ਗਏ ਹਨ।

## ਭੂਚਾਲ ਦੇ ਝਟਕੇ ਨਾਲ ਹਿੱਲਿਆ ਤਾਇਵਾਨ

ਤਾਇਪੇਈ,- ਤਾਇਵਾਨ ਦੇ ਪੂਰਬੀ ਤੱਟ ਦੇ ਨੇੜੇ ਸ਼ੁੱਕਰਵਾਰ ਨੂੰ 5.8 ਤੀਬਰਤਾ ਦਾ ਭੂਚਾਲ ਆਇਆ। ਟਾਪੂ ਤੋਂ ਜਾਣਕਾਰੀ ਅਨੁਸਾਰ ਕਿਸੇ ਨੁਕਸਾਨ ਦੀ ਤੁਰੰਤ ਰਿਪੋਰਟ ਨਹੀਂ ਹੈ। ਭੂਚਾਲ ਨੇ ਰਾਜਧਾਨੀ ਤਾਈਪੇ ਦੀਆਂ ਇਮਾਰਤਾਂ ਨੂੰ ਹਿਲਾ ਕੇ ਰੱਖ ਦਿੱਤਾ। ਮੌਸਮ ਪ੍ਰਸ਼ਾਸਨ ਨੇ ਕਿਹਾ ਕਿ ਹੁਆਲਿਅਨ ਕਾਉਂਟੀ ਦੇ ਤੱਟ ਤੋਂ ਦੂਰ ਭੂਚਾਲ ਦੀ ਡੂੰਘਾਈ 10 ਕਿਲੋਮੀਟਰ (6.2 ਮੀਲ) ਸੀ।

## ਪੰਜਾਬ ਭਰ 'ਚ ਲੋਕ ਸਭਾ ਚੋਣਾਂ ਲਈ 82 ਉਮੀਦਵਾਰਾਂ ਨੇ ਦਾਖਲ ਕੀਤੇ ਨਾਮਜ਼ਦਗੀ ਕਾਗਜ਼

ਜਲੰਧਰ, ਹਰਬੰਸ ਬਿੱਟੂ- ਲੋਕ ਸਭਾ ਚੋਣਾਂ ਦੇ ਸੱਤਵੇਂ ਤੇ ਆਖ਼ਰੀ ਗੇੜ ਦੌਰਾਨ ਪੰਜਾਬ ਦੀਆਂ 13 ਸੀਟਾਂ 'ਤੇ ਹੋਣ ਵਾਲੀ ਚੋਣ ਲਈ ਵੱਡੀ ਗਿਣਤੀ 'ਚ ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ।

ਅਕਸ਼ੈ ਤ੍ਰਿਤੀਆ ਦੇ ਸ਼ੁਭ ਮੌਕੇ ਤੇ ਅਗਲੇ ਦੋ ਦਿਨਾਂ ਤੱਕ ਛੁੱਟੀ ਰਹਿਣ ਕਾਰਨ ਕਰੀਬ-ਕਰੀਬ ਸਾਰੀਆਂ ਪਾਰਟੀਆਂ ਦੇ ਦਿੱਗਜ ਆਗੂਆਂ ਨੇ ਨਾਮਜ਼ਦਗੀਆਂ ਭਰ ਦਿੱਤੀਆਂ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਮੁਤਾਬਿਕ ਨਾਮਜ਼ਦਗੀਆਂ ਦੇ ਚੌਥੇ ਦਿਨ ਕੁਲ 82 ਉਮੀਦਵਾਰਾਂ ਨੇ 95 ਨਾਮਜ਼ਦਗੀਆਂ ਦਾਖ਼ਲ ਕੀਤੀਆਂ ਹਨ।

DIPS INSTITUTIONS
DIPS IMT
DIPS INSTITUTE OF MANAGEMENT & TECHNOLOGY
RAMNEEK AVENUE, PATHANKOT BYE PASS
JALANDHAR CITY
www.dipsimt@gmail.com ( dipsimt@gmail.com )
CONTACT : 95010-00697, 97806-00998

ਪੰਜਾਬ ਦੇ ਹਰ ਜਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਘਰਾਂ ਨੇੜੇ ਡਿਊਟੀ ਲਾਉਣ ਬਾਰੇ ਜਾਰੀ ਹੁਕਮਾਂ ਦੀ ਨਹੀਂ ਹੋ ਰਹੀ ਪਾਲਣਾ ! ਮੁੱਖ ਚੋਣ ਅਫ਼ਸਰ ਨੂੰ ਮਿਲਿਆ ਜੀਟੀਯੂ ਦਾ ਵਫ਼ਦ



ਚੰਡੀਗੜ੍ਹ :- ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਵਫ਼ਦ ਨੇ ਪ੍ਰਧਾਨ ਸੁਖਵਿੰਦਰ ਚਾਹਲ ਦੀ ਅਗਵਾਈ ਵਿਚ ਮੁੱਖ ਚੋਣ ਅਫ਼ਸਰ ਸਿਬਨ ਸੀ ਨਾਲ ਮੁਲਾਕਾਤ ਕਰ ਕੇ ਮਹਿਲਾ ਅਧਿਆਪਕਾਂ/ਮੁਲਾਜ਼ਮਾਂ ਦੀ ਡਿਊਟੀ ਉਨ੍ਹਾਂ ਦੇ ਰਿਹਾਇਸ਼ੀ ਸਥਾਨ ਦੇ ਨੇੜੇ ਲਾਉਣ ਦੀ ਮੰਗ ਕੀਤੀ ਹੈ।

ਯੂਨੀਅਨ ਦੇ ਜਨਰਲ ਸਕੱਤਰ ਗੁਰਬਿੰਦਰ ਸਿੰਘ ਸਸਕੌਰ ਨੇ ਦੱਸਿਆ ਕਿ ਵਫਦ ਨੇ ਬਹੁਤ ਸਾਰੇ ਜ਼ਿਲ੍ਹਿਆਂ ਵਿਚ ਮਹਿਲਾ ਮੁਲਾਜ਼ਮਾਂ ਦੀ ਘਰਾਂ ਨੇੜੇ ਡਿਊਟੀ ਲਾਉਣ ਲਈ ਚੋਣ ਦਫ਼ਤਰ ਵੱਲੋਂ ਜਾਰੀ ਪੱਤਰ ਦੀ ਪਾਲਣਾ ਨਹੀਂ ਕੀਤੀ ਜਾ ਰਹੀ।

ਗੰਭੀਰ ਬਿਮਾਰੀਆਂ ਤੋਂ ਪੀੜਤ ਅਧਿਆਪਕਾਂ, ਅੰਗਹੀਣ ਅਤੇ ਜਾਇਜ਼ ਕੇਸ ਜਿਨ੍ਹਾਂ ਨੂੰ ਡਿਊਟੀ ਤੋਂ ਛੋਟ ਮਿਲਣੀ ਚਾਹੀਦੀ ਹੈ ਪਰ ਡਿਊਟੀ ਤੋਂ ਛੋਟ ਲਈ ਜਾਂਦੇ ਅਧਿਆਪਕਾਂ ਨੂੰ ਕਈ ਜ਼ਿਲ੍ਹਿਆਂ ਦੇ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਖੱਜਲ-ਖੁਆਰ ਕੀਤੀ ਜਾ ਰਿਹਾ ਹੈ।

ਮੁੱਖ ਚੋਣ ਅਧਿਕਾਰੀ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਇਸ ਸਬੰਧੀ ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰ ਦੀ ਵੀਡਿਉ ਕਾਨਫਰੰਸ ਕਰਕੇ ਮੁੜ ਹਦਾਇਤਾਂ ਜਾਰੀ ਕਰ ਦਿੱਤੀਆਂ ਜਾਣਗੀਆਂ। ਆਗੂਆਂ ਨੇ ਮੰਗ ਕੀਤੀ ਕਿ ਸਾਰੀਆਂ ਰਿਹਰਸਲਾਂ ਛੁੱਟੀਆਂ ਵਿਚ ਹੋਣ ਕਾਰਨ ਚੋਣ ਅਮਲੇ ਨੂੰ ਕੰਮ ਬਦਲੇ ਇਵਜੀ ਛੁੱਟੀ ਦਿੱਤੀ ਜਾਵੇ ਅਤੇ ਬੀਐਲਓ ਦਾ ਮਾਣ-ਭੱਤਾ ਤੁਰੰਤ ਜਾਰੀ ਕੀਤਾ ਜਾਵੇ। ਚੋਣ ਅਮਲੇ ਲਈ ਏ ਸੀ/ਕੂਲਰ ਦਾ ਪ੍ਰਬੰਧ ਪ੍ਰਸ਼ਾਸਨ ਆਪਣੇ ਪੱਧਰ ਤੇ ਕਰਨ ਨਾ ਕਿ ਬੀਐਲਓਜ ਜਾਂ ਸਕੂਲ ਮੁਖੀਆਂ ਤੇ ਦਬਾਅ ਪਾਇਆ ਜਾਵੇ। ਇਸ ਸਬੰਧੀ ਮੁੱਖ ਚੋਣ ਅਧਿਕਾਰੀ ਨੇ ਕਿਹਾ ਕਿ ਇਸ ਸਾਰੇ ਪ੍ਰਬੰਧ ਦੇ ਖ਼ਰਚੇ ਚੋਣ ਕਮਿਸ਼ਨ ਵੱਲੋਂ ਕੀਤੇ ਜਾਣਗੇ। ਕਿਸੇ ਵੀ ਕਰਮਚਾਰੀ ਤੇ ਇਸ ਦਾ ਕੋਈ ਭਾਰ ਨਹੀਂ ਪਾਇਆ ਜਾਵੇਗਾ।

# ਪਟਾਕਾ ਫੈਕਟਰੀ 'ਚ ਧਮਾਕਾ, 5 ਔਰਤਾਂ ਸਮੇਤ 8 ਦੀ ਮੌਤ, ਕਈ ਜ਼ਖਮੀ



ਤਾਮਿਲਨਾਡੂ- ਤਾਮਿਲਨਾਡੂ ਦੇ ਵਿਰੁਧੁਨਗਰ ਜ਼ਿਲ੍ਹੇ ਵਿੱਚ ਵੀਰਵਾਰ ਦੁਪਹਿਰ ਨੂੰ ਇੱਕ ਪਟਾਕਾ ਫੈਕਟਰੀ ਵਿੱਚ ਅੱਗ ਲੱਗਣ ਕਾਰਨ ਹੋਏ ਧਮਾਕੇ ਵਿੱਚ 5 ਔਰਤਾਂ ਸਮੇਤ 8 ਲੋਕਾਂ ਦੀ ਮੌਤ ਹੋ ਗਈ।

ਜਦਕਿ ਕਈ ਲੋਕ ਜ਼ਖਮੀ ਹੋਏ ਹਨ। ਜ਼ਖਮੀਆਂ ਨੂੰ ਇਲਾਜ ਲਈ ਨਜ਼ਦੀਕੀ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਮੌਕੇ 'ਤੇ ਪਹੁੰਚੀ ਪੁਲਿਸ ਅਤੇ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਅੱਗ ਬੁਝਾਉਣ 'ਚ ਜੁਟੀਆਂ ਹੋਈਆਂ ਹਨ।

ਜਾਣਕਾਰੀ ਮੁਤਾਬਕ ਸ਼ਿਵਕਾਸ਼ੀ ਦੇ ਵਿਰੁਧੁਨਗਰ 'ਚ ਇਕ ਸੁੰਨਸਾਨ ਜਗ੍ਹਾ 'ਤੇ ਇਕ ਫੈਕਟਰੀ ਚੱਲ ਰਹੀ ਸੀ। ਵੀਰਵਾਰ ਨੂੰ ਵੀ ਫੈਕਟਰੀ ਵਿੱਚ ਪਟਾਕੇ ਬਣਾਉਣ ਦਾ ਕੰਮ ਚੱਲ ਰਿਹਾ ਸੀ। ਇਸ ਦੌਰਾਨ ਅਚਾਨਕ ਫੈਕਟਰੀ 'ਚ ਰੱਖੇ ਪਟਾਕੇ 'ਚ ਧਮਾਕਾ ਹੋ ਗਿਆ। ਧਮਾਕਾ ਹੁੰਦੇ ਹੀ ਫੈਕਟਰੀ ਵਿੱਚ ਅੱਗ ਲੱਗ ਗਈ। ਇਕ ਤੋਂ ਬਾਅਦ ਇਕ ਕਈ ਧਮਾਕੇ ਹੋਏ। ਜਿਸ ਕਾਰਨ ਅੰਦਰ ਕੰਮ ਕਰ ਰਹੇ ਮਜ਼ਦੂਰ ਫਸ ਗਏ। ਸੂਚਨਾ ਮਿਲਣ 'ਤੇ ਮੌਕੇ 'ਤੇ ਪਹੁੰਚੀ ਪੁਲਸ ਨੇ ਬਚਾਅ ਮੁਹਿੰਮ ਚਲਾਈ ਅਤੇ ਜ਼ਖਮੀਆਂ ਨੂੰ ਹਸਪਤਾਲ ਪਹੁੰਚਾਇਆ। ਪੁਲਸ ਨੇ ਦੱਸਿਆ ਕਿ ਫਿਲਹਾਲ ਫਾਇਰ ਬ੍ਰਿਗੇਡ ਦੀਆਂ ਟੀਮਾਂ ਅੱਗ ਬੁਝਾਉਣ 'ਚ ਜੁਟੀਆਂ ਹੋਈਆਂ ਹਨ। ਹੁਣ ਤੱਕ ਕੁੱਲ 8 ਲਾਸ਼ਾਂ ਬਰਾਮਦ ਹੋਈਆਂ ਹਨ, ਜਿਨ੍ਹਾਂ 'ਚੋਂ 5 ਔਰਤਾਂ ਹਨ।

# ਅੰਮ੍ਰਿਤਪਾਲ ਦੀ ਰਿਹਾਈ ਪਟੀਸ਼ਨ 'ਤੇ ਹਾਈਕੋਰਟ ਦਾ ਵੱਡਾ ਫ਼ੈਸਲਾ, ਜਾਣੋ ਕਿੱਥੇ ਭਰਨਗੇ ਨਾਮਜ਼ਦਗੀ ਪੱਤਰ



ਚੰਡੀਗੜ੍ਹ- 'ਵਾਰਿਸ ਪੰਜਾਬ ਦੇ' ਜਥੇਬੰਦੀ ਦੇ ਮੁਖੀ ਅਮ੍ਰਿਤਪਾਲ ਸਿੰਘ ਹਲਕਾ ਖਡੂਰ ਸਾਹਿਬ ਤੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਲੜ ਰਹੇ ਹਨ।

ਪੰਜਾਬ ਹਰਿਆਣਾ ਹਾਈਕੋਰਟ ਨੇ ਅੰਮ੍ਰਿਤਪਾਲ ਵਲੋਂ ਦਾਖਲ਼ ਕੀਤੀ ਗਈ ਆਰਜ਼ੀ ਰਿਹਾਈ ਲਈ ਅਰਜ਼ੀ ਨੂੰ ਪ੍ਰਵਾਨ ਨਾ ਕਰਦਿਆਂ ਹੋਇਆ ਆਪਣਾ ਫ਼ੈਸਲਾ ਸੁਣਾਇਆ ਹੈ।

ਹਾਈਕੋਰਟ ਨੇ ਆਪਣੇ ਫ਼ੈਸਲੇ ਵਿਚ ਕਿਹਾ ਹੈ ਕਿ, ਅੰਮ੍ਰਿਤਪਾਲ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਤੋਂ ਹੀ ਆਪਣਾ ਨਾਮਜ਼ਦਗੀ ਪੱਤਰ ਦਾਖਲ ਕਰਨਗੇ।

ਦੱਸ ਦਈਏ ਕਿ, ਹਾਈਕੋਰਟ ਵਿੱਚ ਪਟੀਸ਼ਨ ਦਾਇਰ ਕਰਕੇ ਅੰਮ੍ਰਿਤਪਾਲ ਸਿੰਘ ਨੇ ਚੋਣ ਨਾਮਜ਼ਦਗੀ ਦਾਖਲ ਕਰਨ ਲਈ ਸੱਤ ਦਿਨਾਂ ਲਈ ਰਿਹਾਅ ਕਰਨ ਦੀ ਅਪੀਲ ਕੀਤੀ ਸੀ। ਅੰਮ੍ਰਿਤਪਾਲ ਨੇ ਹਾਈਕੋਰਟ ਨੂੰ ਦੱਸਿਆ ਕਿ ਉਹ ਖਡੂਰ ਸਾਹਿਬ ਲੋਕ ਸਭਾ ਸੀਟ ਤੋਂ ਚੋਣ ਲੜਨਾ ਚਾਹੁੰਦਾ ਹੈ।

ਇਸ ਦੇ ਲਈ ਉਸ ਨੇ ਨਾਮਜ਼ਦਗੀ ਦਾਖਲ ਕਰਨੀ ਹੈ, ਅਜਿਹੀ ਸਥਿਤੀ ਵਿਚ ਉਸ ਨੂੰ ਸੱਤ ਦਿਨਾਂ ਲਈ ਜੇਲ੍ਹ 'ਚੋਂ ਰਿਹਾਅ ਕੀਤਾ ਜਾਵੇ।

ਪਰ ਹਾਈਕੋਰਟ ਨੇ ਰਿਹਾਈ ਦੇਣ ਵਾਲੀ ਅਰਜ਼ੀ ਨੂੰ ਪ੍ਰਵਾਨ ਨਾ ਕਰਦਿਆਂ ਹੋਇਆ, ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਸਾਰੀ ਪ੍ਰੀਕਿਰਿਆ ਡਿਬਰੂਗੜ੍ਹ ਜੇਲ੍ਹ ਤੋਂ ਹੀ ਨਾਮਜ਼ਦਗੀ ਪੱਤਰ ਦਾਖਲ ਕਰਨ ਦਾ ਹੁਕਮ ਸੁਣਾਇਆ ਹੈ।

ਨਾਮਜ਼ਦਗੀ ਪੱਤਰ ਦਾਖਲ ਕਰਨ ਦੀ ਆਖਰੀ ਤਰੀਕ 14 ਮਈ ਹੈ। ਦੱਸ ਦਈਏ ਕਿ, ਅਸਾਮ ਦੀ ਡਿਬਰੂਗੜ੍ਹ ਜੇਲ 'ਚ ਅੰਮ੍ਰਿਤਪਾਲ NSA ਤਹਿਤ ਬੰਦ ਹਨ।'

# ਪੰਜਾਬ ਪੇਅ ਸਕੇਲ ਨਹੀਂ, ਤਾਂ ਵੋਟ ਨਹੀਂ- ਮੁਲਾਜ਼ਮਾਂ ਨੇ ਹਾਕਮਾਂ ਖਿਲਾਫ਼ ਕੀਤਾ ਵੱਡਾ ਐਲਾਨ




ਚੰਡੀਗੜ੍ਹ- ਪੰਜਾਬ ਪੇਅ ਸਕੇਲ ਬਹਾਲੀ ਸਾਂਝਾ ਫਰੰਟ ਵੱਲੋਂ ਪਿਛਲੇ ਸਮੇਂ ਤੋਂ 17 ਜੁਲਾਈ 2020 ਦਾ ਨੋਟੀਫਿਕੇਸ਼ਨ ਰੱਦ ਕਰਕੇ ਸਮੂਹ ਮੁਲਾਜ਼ਮਾਂ ਤੇ ਪੰਜਾਬ ਦਾ ਪੇਅ ਸਕੇਲ ਬਹਾਲ ਕਰਵਾਉਣ, ਪਰਖ਼ਕਾਲ ਦਾ ਸਮਾਂ ਇੱਕ ਸਾਲ ਦਾ ਕਰਵਾਉਣ ਆਦਿ ਮੰਗਾਂ ਸੰਬੰਧੀ ਸੰਘਰਸ਼ ਕੀਤਾ ਜਾ ਰਿਹਾ ਹੈ। ਫਰੰਟ ਦੇ ਆਗੂਆਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ 17 ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜ਼ਮਾਂ ਤੇ ਅਧੂਰੇ ਕੇਂਦਰੀ ਪੇਅ ਸਕੇਲ ਲਾਗੂ ਕੀਤੇ ਗਏ ਹਨ। ਇਹ ਪੇਅ ਸਕੇਲ ਨਾ ਤਾਂ ਪੂਰੇ ਕੇਂਦਰ ਦੇ ਹਨ ਅਤੇ ਨਾ ਹੀ ਪੰਜਾਬ ਦੇ ਸਕੇਲ ਹਨ। ਇਹਨਾਂ ਅਧੂਰੇ ਕੇਂਦਰੀ ਪੇਅ ਸਕੇਲਾਂ ਨਾਲ ਮੁਲਾਜ਼ਮਾਂ ਦਾ ਬਹੁਤ ਵੱਡਾ ਆਰਥਿਕ ਨੁਕਸਾਨ ਹੋ ਰਿਹਾ ਹੈ।

ਆਗੂਆਂ ਨੇ ਦੱਸਿਆ ਕਿ ਕਿ ਆਮ ਆਦਮੀ ਪਾਰਟੀ ਦੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਇਹਨਾਂ ਨੇ ਸਾਡੇ ਧਰਨਿਆਂ ਵਿੱਚ ਆ ਕੇ ਸਾਡੇ ਨਾਲ਼ ਵਾਅਦਾ ਕੀਤਾ ਸੀ ਕਿ ਜੇਕਰ ਸਾਡੀ ਸਰਕਾਰ ਆਉਂਦੀ ਹੈ ਤਾਂ ਅਸੀਂ ਸਮੂਹ ਮੁਲਾਜ਼ਮਾ ਤੇ ਪੰਜਾਬ ਦੇ ਪੇਅ ਸਕੇਲ ਲਾਗੂ ਕਰਾਂਗੇ।

ਪਰ, ਦੋ ਸਾਲ ਦਾ ਸਮਾਂ ਬੀਤ ਜਾਣ ਤੇ ਵੀ ਅਜੇ ਤੱਕ ਇਹ ਵਾਅਦਾ ਵਫ਼ਾ ਨਹੀਂ ਹੋਇਆ। ਪਰਖ਼ਕਾਲ ਦਾ ਸਮਾਂ ਪੂਰਾ ਕਰ ਚੁੱਕੇ ਮੁਲਾਜ਼ਮਾਂ? ਦੀ ਪੇਅ ਫਿਕਸੇਸ਼ਨ ਕਰਨ ਸੰਬੰਧੀ ਵੀ ਸਰਕਾਰ ਕੋਈ ਸੁਹਿਰਦਤਾ ਨਹੀਂ ਦਿਖਾ ਰਹੀ। ਇਸ ਕਰਕੇ ਮੁਲਾਜ਼ਮ ਮਾਨਸਿਕ ਤਣਾਓ ਚ ਗੁਜ਼ਰ ਰਹੇ ਹਨ।

ਉਹਨਾਂ ਦੱਸਿਆ ਕਿ ਇਹਨਾਂ ਮੰਗਾਂ ਸੰਬੰਧੀ ਸਾਂਝੇ ਫਰੰਟ ਵੱਲੋਂ ਵੱਖ ਵੱਖ ਸਮੇ ਤੇ ਵਿੱਤ ਮੰਤਰੀ ਦੀ ਅਗਵਾਈ ਵਾਲੀ ਕੈਬਿਨੇਟ ਸਬ ਕਮੇਟੀ ਨਾਲ਼ ਕਈ ਮੀਟਿੰਗਾਂ ਹੋ ਚੁੱਕੀਆਂ ਹਨ। ਪਰ, ਇਹਨਾਂ ਮੀਟਿੰਗਾਂ ਵਿੱਚੋਂ ਲਾਰੇ ਤੋਂ ਬਿਨਾ ਕੁੱਛ ਨਹੀਂ ਨਿਕਲਿਆ।

ਇਸ ਦੇ ਰੋਸ ਵਜੋਂ ਪੰਜਾਬ ਪੇਅ ਸਕੇਲ ਬਹਾਲੀ ਸਾਂਝਾ ਫਰੰਟ ਵੱਲੋਂ ਲੋਕ ਸਭਾ ਚੋਣਾਂ ਦੌਰਾਨ ਪੂਰੇ ਪੰਜਾਬ ਵਿੱਚ ਪੰਜਾਬ ਪੇਅ ਸਕੇਲ ਨਹੀ ਤਾਂ ਵੋਟ ਨਹੀਂ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ। ਇਸ ਮੁਹਿੰਮ ਦੀ ਸ਼ੁਰੂਆਤ ਲੋਕ ਸਭਾ ਹਲਕਾ ਸੰਗਰੂਰ ਦੇ ਵਿੱਚ ਪੈਂਦੇ ਵਿੱਤ ਮੰਤਰੀ ਦੇ ਹਲਕੇ ਦਿੜਬਾ ਤੋਂ 12 ਮਈ ਤੋਂ ਕੀਤੀ ਜਾਵੇਗੀ।

ਇਸ ਮੁਹਿੰਮ ਤਹਿਤ ਅਧੂਰੇ ਕੇਂਦਰੀ ਪੇਅ ਸਕੇਲਾਂ ਤੇ ਭਰਤੀ ਪੰਜਾਬ ਦੇ ਸਾਰੇ ਮੁਲਾਜ਼ਮ ਆਪਣੇ ਘਰਾਂ ਦੇ ਬਾਹਰ ਪੰਜਾਬ ਪੇਅ ਸਕੇਲ ਨਹੀਂ ਤਾਂ ਵੋਟ ਨਹੀਂ ਦਾ ਪੋਸਟਰ ਲਗਾ ਕੇ ਰੱਖਣਗੇ ਅਤੇ ਵੋਟਾਂ ਮੰਗਣ ਆਏ ਨੇਤਾਵਾਂ ਨੂੰ ਇਸ ਸੰਬੰਧੀ ਸਵਾਲ ਕਰਨਗੇ।

# ਸ੍ਰੀ ਹੇਮਕੁੰਟ ਸਕੂਲ ਕੋਟ ਈਸੇ ਖਾਂ ਵਿੱਖੇ ਗੁਰਬਾਣੀ ਸਬੰਧੀ ਸੈਮੀਨਾਰ ਆਯੋਜਿਤ



ਕੋਟ ਈਸੇ ਖਾਂ ਲੋਕ ਬਾਣੀ (ਅਰੋੜਾ) ਸ੍ਰੀ ਹੇਮਕੁੰਟ ਸੀਨੀ.ਸੰਕੈ.ਸਕੂਲ ਕੋਟ ਈਸੇ ਖਾਂ ਵਿਖੇ ਵਿਅਕਤੀਗਤ ਸ਼ਖਸੀਅਤ ਉਸਾਰੀ ਸਬੰਧੀ ਸ੍ਰੀ ਸਾਹਿਜ ਪਾਠ ਸੇਵਾ ਸੰਸਥਾ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਸਹਿਯੋਗ ਨਾਲ ਸੈਮੀਨਾਰ ਲਗਾਇਆ ਗਿਆ। ਜਿਸ ਵਿੱਚ ਸੰਸਥਾ ਦੇ ਬੁਲਾਰੇ ਸਤਨਾਮ ਸਿੰਘ ਲੁਧਿਆਣਾ ਵਾਲਿਆਂ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਗੁਰਬਾਣੀ ਪੜ੍ਹਣ ਅਤੇ ਉੱਚ ਨੈਤਿਕ ਕਦਰਾਂ ਕੀਮਤਾ ਦੇ ਧਾਰਨੀ ਬਣਨ, ਅਧਿਆਪਕਾਂ ਅਤੇ ਮਾਪਿਆਂ ਦਾ ਸਤਿਕਾਰ ਕਰਨ ਅਤੇ ਕਾਰਜ ਕੁਸ਼ਲਤਾਵਾਂ ਬਾਰੇ ਭਰਭੂਰ ਰੌਚਕ ਤਰੀਕੇ ਨਾਲ ਚਾਨਣਾ ਪਾਇਆ । ਇਸ ਸਮੇਂ ਉਹਨਾਂ ਦੇ ਨਾਲ ਮੈਡਮ ਅਮਨਦੀਪ ਕੌਰ ਮੋਗਾ, ਸ: ਗੁਰਜੀਤ ਸਿੰਘ ਆਦਿ ਹਾਜ਼ਰ ਸਨ । ਸੈਮੀਨਾਰ ਦੌਰਾਨ ਗਤੀਵਧੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਕੈਰੀਅਰ ਚੋਣ ਸਬੰਧੀ ਕਿਤਾਬਾ ਭੇਂਟ ਕਰਕੇ ਸਨਮਾਨਿਤ ਕੀਤਾ। ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ ਅਤੇ ਮੈਡਮ ਰਣਜੀਤ ਕੌਰ ਸੰਧੂ ਨੇ ਵਿਦਿਆਰਥੀਆਂ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਦੱਸਿਆ ਕਿ ਸਾਨੂੰ ਗੁਰਬਾਣੀ ਨਾਲ ਜੁੜ ਕੇ ਰਹਿਣਾ ਚਾਹੀਦਾ ਅਤੇ ਜਪੁਜੀ ਸਾਹਿਬ,ਮੂਲ-ਮੰਤਰ ਦਾ ਪਾਠ ਰੋਜ਼ਾਨਾ ਕਰਨ ਬਾਰੇ ਪ੍ਰੇਰਿਤ ਕੀਤਾ। ਪ੍ਰਿੰਸੀਪਲ ਮੈਡਮ ਰਮਨਜੀਤ ਕੌਰ ਅਤੇ ਪ੍ਰਿੰਸੀਪਲ ਸੋਨੀਆਂ ਸ਼ਰਮਾ ਨੇ ਇਸ ਸੈਮੀਨਾਰ ਵਿੱਚ ਦੱਸੇ ਹੋਏ ਉੱਚ ਅਧਿਆਤਮਿਕ ਵਿਚਾਰਾਂ ਨੂੰ ਆਪਣੇ ਜ਼ਿੰਦਗੀ ਵਿੱਚ ਅਪਣਾਉਣ ਬਾਰੇ ਦੱਸਿਆ । ਆਏ ਹੋਏ ਸੰਸਥਾਂ ਦੇ ਬੁਲਾਰਿਆਂ ਨੂੰ ਸਰੋਪੇ ਦੇ ਕੇ ਸਨਮਾਨਿਤ ਕੀਤਾ ਅਤੇ ਪ੍ਰਿੰਸੀਪਲ ਮੈਡਮ ਨੇ ਉਹਨਾਂ ਦਾ ਇੱਥੇ ਪਹੁੰਚਣ ਤੇ ਧੰਨਵਾਦ ਕੀਤਾ। ਇਸ ਮੌਕੇ ਮੈਡਮ ਸੁਰਿੰਦਰ ਕੌਰ, ਗੁਰਪ੍ਰੀਤ ਸਿੰਘ ਅਤੇ ਸਮੂਹ ਸਟਾਫ ਹਾਜ਼ਰ ਸੀ ।

# ਪ੍ਰਧਾਨ ਮੰਤਰੀ ਸੁਰੱਖਿਆ ਬੀਮਾ ਯੋਜਨਾ ਤਹਿਤ ਰਮਨ ਕੁਮਾਰ ਨੂੰ ਮਿਲਿਆ 2 ਲੱਖ ਰੁਪਏ ਦਾ ਕਲੇਮ ਚੈੱਕ



ਕੋਟ ਇਸੇ ਖਾਂ ਲੋਕ ਬਾਣੀ (ਅਰੋੜਾ) ਸ਼ਹਿਰ ਦੀ ਸਟੇਟ ਬੈਂਕ ਆਫ ਇੰਡੀਆ ਬਰਾਂਚ ਦੇ ਮੈਨੈਜਰ ਸਨੀ ਕਰੀਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆ ਦੱਸਿਆ ਕਿ ਕੇਂਦਰ ਸਰਕਾਰ ਦੁਆਰਾ ਕਮਜ਼ੋਰ ਅਤੇ ਗਰੀਬ ਵਰਗ ਨੂੰ ਆਰਥਿਕ ਤੌਰ ਤੇ ਮਜਬੂਤ ਕਰਨ ਅਤੇ ਸੁਰੱਖਿਆ ਦੇਣ ਦੇ ਮੰਤਵ ਨਾਲ ਪ੍ਰਧਾਨ ਮੰਤਰੀ ਸੁਰੱਖਿਆ ਬੀਮਾ ਯੋਜਨਾ ਚਲਾਈ ਗਈ ਹੈ ਜਿਸ ਵਿੱਚ ਵਿਅਕਤੀ ਨੂੰ 20 ਰੁਪਏ ਸਾਲ ਦੇ ਅਦਾ ਕਰਨੇ ਹੁੰਦੇ ਹਨ ਜਿਸ ਵਿੱਚ ਦੋ ਲੱਖ ਰੁਪਏ ਦਾ ਦੁਰਘਟਨਾ ਬੀਮਾ ਮਿਲਦਾ ਹੈ।ਬੀਮੇ ਦੇ ਰੂਲਜ਼ ਮੁਤਾਬਿਕ ਦੁਰਘਟਨਾ ਦੌਰਾਨ ਵਿਅਕਤੀ ਦੀ ਮੌਤ ਹੋ ਜਾਣ ਤੇ ਉਸਦੇ ਵਾਰਸ ਨੂੰ ਦੋ ਲੱਖ ਰੁਪਏ ਦੀ ਰਾਸ਼ੀ ਸਰਕਾਰ ਵੱਲੋ ਮਿਲਦੀ ਹੈ।ਇਸ ਬੀਮਾ ਯੋਜਨਾ ਸਕੀਮ ਤਹਿਤ ਕੋਟ ਈਸੇ ਖਾਂ ਦੇ ਵਸਨੀਕ ਭਾਨ ਸਿੰਘ ਨੇ ਵੀ 20 ਰੁਪਏ ਵਿੱਚ ਹੋਣ ਵਾਲਾ ਪ੍ਰਧਾਨ ਮੰਤਰੀ ਸੁਰੱਖਿਆ ਬੀਮਾ ਕਰਵਾਇਆ ਹੋਇਆ ਸੀ ਅਤੇ ਦੁਰਘਟਨਾ ਦੌਰਾਨ ਭਾਨ ਸਿੰਘ ਦੀ ਮੌਤ ਹੋ ਗਈ ਸੀ।ਅੱਜ ਉਨ੍ਹਾਂ ਦੇ ਸਪੁੱਤਰ ਰਮਣ ਕੁਮਾਰ ਨੂੰ ਬੀਮੇ ਦਾ ਕਲੇਮ ਵਿੱਚ 2 ਲੱਖ ਰੁਪਏ ਦਾ ਚੈੱਕ ਦਿੱਤਾ ਗਿਆ ਹੈ।ਮੈਨੇਜਰ ਸਨੀ ਕਰੀਰ ਨੇ ਦੱਸਿਆ ਕਿ ਸਟੇਟ ਬੈਂਕ ਆਫ ਇੰਡੀਆ ਸਮਾਜਿਕ ਭਲਾਈ ਸੰਸਥਾ ਹੈ ਅਤੇ ਕੇਂਦਰ ਸਰਕਾਰ ਦੁਆਰਾ ਲੋਕਾਂ ਨੂੰ ਦਿੱਤੀਆ ਜਾਣ ਵਾਲੀਆ ਸਹੂਲਤਾਂ ਸਕੀਮਾਂ ਬਾਰੇ ਲੋਕਾਂ ਨੂੰ ਸਮੇ ਸਮੇ ਤੇ ਜਾਗਰੂਕ ਕੀਤਾ ਜਾਂਦਾ ਹੈ।ਇਸ ਮੌਕੇ ਫੀਲਡ ਅਫਸਰ ਅਜੇਵੀਰ ਸਿੰਘ, ਮੈਡਮ ਨਮਰਤਾ ਗਰਗ,ਮੈਡਮ ਰਾਜ ਕੌਰ ਅਤੇ ਬੈਂਕ ਸਟਾਫ ਹਾਜਰ ਸੀ

# ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਦੀ ਇੱਕ ਹੋਰ ਵਿੱਦਿਅਕ ਉਡਾਣ

## ਬੀ.ਐਸ.ਸੀ. ਨਰਸਿੰਗ ਦਾ ਨਤੀਜਾ ਸੌ ਫੀਸਦੀ ਰਿਹਾ



ਸਹੀਦ ਭਗਤ ਸਿੰਘ ਨਗਰ ਲੋਕ ਬਾਣੀ - ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਦੀ ਕਲਾਸ ਬੀ.ਐਸ.ਸੀ. ਨਰਸਿੰਗ ਚੌਥੇ ਸਮੈਸਟਰ ਦਾ ਸ਼ਾਨਦਾਰ 100% ਨਤੀਜਾ ਆਇਆ ਹੈ । ਇਸ ਵਾਰੀ ਪੰਜ ਵਿਦਿਆਰਥੀਆਂ ਨੇ ਇਕੋ ਜਿਹੇ ਗਰੇਡ ਅੰਕ ਪ੍ਰਾਪਤ ਕਰਕੇ ਸਾਂਝੇ ਤੌਰ ਤੇ ਪਹਿਲਾ ਸਥਾਨ, ਛੇ ਵਿਦਿਆਰਥੀਆਂ ਨੇ ਦੂਜਾ ਸਥਾਨ ਅਤੇ ਦੋ ਵਿਦਿਆਰਥੀਆਂ ਨੇ ਤੀਜਾ ਸਥਾਨ ਪ੍ਰਾਪਤ ਕਰਕੇ ਨਵਾਂ ਰਿਕਾਰਡ ਕਾਇਮ ਕੀਤਾ ਹੈ । ਇਸ ਸ਼ਾਨਦਾਰ ਨਤੀਜੇ ਦੀ ਜਾਣਕਾਰੀ ਡਾ. ਸੁਰਿੰਦਰ ਜਸਪਾਲ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਨੇ ਦਿੱਤੀ । ਉਹਨਾਂ ਦੱਸਿਆ ਕਿ ਬੀ.ਐੱਸ.ਸੀ. ਨਰਸਿੰਗ (ਫਾਈਨਲ) ਚੌਥਾ ਸਮੈਸਟਰ ਦੀ ਪ੍ਰੀਖਿਆ ਵਿਚੋਂ ਪੰਜ ਵਿਦਿਆਰਥੀਆਂ ਅੰਮ੍ਰਿਤਾ ਕੌਰ ਪੁੱਤਰੀ ਮਨਜੀਤ ਸਿੰਘ-ਹਰਮੀਤ ਕੌਰ ਫਤਿਆਬਾਦ, ਅਨੂਦੀਪ ਕੌਰ ਪੁੱਤਰੀ ਅਮਰਜੀਤ ਸਿੰਘ-ਕਿਰਨਜੀਤ ਕੌਰ ਗੜ੍ਹੀ ਮਹਾਂ ਸਿੰਘ, ਹਰਨੀਤ ਕੌਰ ਪੁੱਤਰੀ ਰਾਜਵਿੰਦਰ ਸਿੰਘ-ਬੀਬੀ ਸੁਨੀਤਾ ਚੱਕ ਬਿਲਗਾ, ਹਰਸ਼ਪ੍ਰੀਤ ਕੌਰ ਪੁੱਤਰੀ ਜਗਮੇਲ ਸਿੰਘ-ਜਸਵੀਰ ਕੌਰ ਧੁਲੇਤਾ, ਹੇਮਨਜੋਤ ਕੌਰ ਪੁੱਤਰੀ ਭਗਤ ਸਿੰਘ-ਗੁਰਦੀਪ ਕੌਰ ਅਨੰਦਪੁਰ ਸਾਹਿਬ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ । ਜਦ ਕਿ ਦਿਲਪ੍ਰੀਤ ਸੈਣੀ ਪੁੱਤਰੀ ਭੁਪਿੰਦਰ ਸਿੰਘ-ਅਕਵਿੰਦਰ ਕੌਰ ਸਿੰਬਲੀ, ਗੁਰਲੀਨ ਬਾਠ ਪੁੱਤਰੀ ਬਲਜਿੰਦਰ ਸਿੰਘ- ਰਾਜਵਿੰਦਰ ਕੌਰ ਕੌਰ ਤਰਤਾਰਨ, ਹਰਮਨ ਮਾਹੀ ਪੁੱਤਰੀ ਰਵੀ ਕਮਾਰ-ਕਮਲਜੀਤ ਕੌਰ ਮਜਾਰਾ ਡੀਂਗਰੀਆਂ, ਰਮਨਜੋਤ ਕੌਰ ਪੁੱਤਰੀ ਲਖਵੀਰ ਸਿੰਘ-ਮਨਜੀਤ ਕੌਰ ਅਟਾਰੀ, ਸਿਮਰਨ ਗੇਰਾ ਪੁੱਤਰੀ ਇਕਬਾਲ ਚੰਦ-ਨੀਲਮ ਸਰਹਾਲ ਮੰਡੀ ਅਤੇ ਵਨਸ਼ਿਕਾ ਪੁੱਤਰੀ ਕਮਲ ਕਿਸ਼ੋਰ ਜਲੰਧਰ ਨੇ ਦੂਜਾ ਸਥਾਨ ਪ੍ਰਾਪਤ ਕੀਤਾ ਹੈ । ਇਸੇ ਤਰ੍ਹਾਂ ਗੁਰਲੀਨ ਪੁੱਤਰੀ ਕੁਲਵੰਤ ਸਿੰਘ ਪਰਮਾਰ-ਰਵਿੰਦਰ ਕੌਰ ਬੰਗਾ ਅਤੇ ਤਰਨਪ੍ਰੀਤ ਕੌਰ ਪੁੱਤਰੀ ਮੱਖਣ ਸਿੰਘ ਮੰਢਾਲੀ ਨੇ ਤੀਜਾ ਸਥਾਨ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਹਾਸਲ ਕੀਤਾ ਹੈ । ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਸ. ਕੁਲਵਿੰਦਰ ਸਿੰਘ ਢਾਹਾਂ ਨੇ ਸਮੂਹ ਟਰੱਸਟ ਮੈਂਬਰਾਂ ਵੱਲੋਂ ਬੀ ਐੱਸ ਸੀ ਨਰਸਿੰਗ ਦੇ ਸ਼ਾਨਦਾਰ ਨਤੀਜੇ ਅਤੇ ਕਾਲਜ ਦਾ ਨਵਾਂ ਰਿਕਾਰਡ ਕਾਇਮ ਕਰਨ ਲਈ ਸਮੂਹ ਨਰਸਿੰਗ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ, ਅਧਿਆਪਕਾਂ ਤੇ ਕਾਲਜ ਦੇ ਪ੍ਰਿੰਸੀਪਲ ਨੂੰ ਵਧਾਈਆਂ ਦਿੰਦੇ ਹੋਏ ਵਿਦਿਆਰਥੀਆਂ ਦੇ ਸੁਨਿਹਰੀ ਭਵਿੱਖ ਦੀ ਕਾਮਨਾ ਕੀਤੀ । ਇਸ ਮੌਕੇ ਅਮਰਜੀਤ ਸਿੰਘ ਕਲੇਰਾਂ ਸਕੱਤਰ ਟਰੱਸਟ, ਮੈਡਮ ਰਮਨਦੀਪ ਕੌਰ, ਮੈਡਮ ਸੰਦੀਪ ਸੂਦਨ, ਗੁਰਮੀਤ ਸਿੰਘ, ਮੈਡਮ ਸਰਬਜੀਤ ਕੌਰ, ਮੈਡਮ ਮਨਦੀਪ ਕੌਰ ਅਤੇ ਪਹਿਲੇ-ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਸਾਰੇ ਵਿਦਿਆਰਥੀ ਹਾਜ਼ਰ ਸਨ ।

lokbani08@gmail.com

# ਕਾਨਪੁਰ 'ਚ ਮਾਇਆਵਤੀ ਨੇ ਗਰਜਿਆ- ਭਾਜਪਾ ਅਤੇ ਕਾਂਗਰਸ ਪੂੰਜੀਪਤੀਆਂ ਤੋਂ ਪੈਸੇ ਲੈ ਕੇ ਚੋਣਾਂ ਲੜ ਰਹੀਆਂ ਹਨ

## ਕਾਂਗਰਸ ਅਤੇ ਭਾਜਪਾ ਪੂੰਜੀਪਤੀਆਂ ਤੋਂ ਪੈਸੇ ਲੈ ਕੇ ਸਰਕਾਰ ਚਲਾਉਂਦੀਆਂ ਹਨ, - ਭਾਜਪਾ ਰਾਖਵੇਂਕਰਨ ਦੇ ਮੁੱਦੇ 'ਤੇ ਕਾਂਗਰਸ ਦੀ ਤਰਜ਼ 'ਤੇ ਕੰਮ ਕਰ ਰਹੀ ਹੈ




ਕਾਨਪੁਰ ਸੁਨੀਲ ਬਾਜਪਾਈ- ਚੱਲ ਰਹੀਆਂ ਲੋਕ ਸਭਾ ਚੋਣਾਂ 'ਚ ਜਿੱਤ ਲਈ ਵੋਟਰਾਂ ਨੂੰ ਲੁਭਾਉਣ ਲਈ ਸ਼ੁੱਕਰਵਾਰ ਨੂੰ ਰਾਮਾਇਪੁਰ ਦੇ ਮਗਰਸਾ ਪਿੰਡ 'ਚ ਇਕ ਜਨ ਸਭਾ ਨੂੰ ਸੰਬੋਧਨ ਕਰਦੇ ਹੋਏ ਬਸਪਾ ਮੁਖੀ ਮਾਇਆਵਤੀ ਨੇ ਕਿਹਾ ਕਿ ਜੇਕਰ ਇਸ ਵਾਰ ਈ.ਵੀ.ਐੱਮ. 'ਚ ਗੜਬੜੀ ਨਾ ਹੋਈ ਤਾਂ ਨਤੀਜੇ ਜ਼ਰੂਰ ਚੰਗੇ ਆਉਣਗੇ। . ਉਹ ਇੱਥੇ ਕਾਨਪੁਰ ਤੋਂ ਉਮੀਦਵਾਰ ਕੁਲਦੀਪ ਭਦੌਰੀਆ ਅਤੇ ਅਕਬਰਪੁਰ ਤੋਂ ਉਮੀਦਵਾਰ ਰਾਜੇਸ਼ ਦਿਵੇਦੀ ਦੇ ਸਮਰਥਨ ਵਿੱਚ ਇਕੱਠ ਨੂੰ ਸੰਬੋਧਨ ਕਰ ਰਹੇ ਸਨ।

ਇਸ ਦੌਰਾਨ ਉਨ੍ਹਾਂ ਭਾਜਪਾ ਅਤੇ ਕਾਂਗਰਸ ਸਮੇਤ ਭਾਰਤ ਗਠਜੋੜ 'ਤੇ ਤਿੱਖਾ ਨਿਸ਼ਾਨਾ ਸਾਧਿਆ। ਉਨ੍ਹਾਂ ਭਾਜਪਾ ਨੂੰ ਲੂਣ ਖਾ ਕੇ ਵੋਟਾਂ ਪਾਉਣ ਦਾ ਮੁੱਦਾ ਉਠਾਉਂਦਿਆਂ ਕਿਹਾ ਕਿ ਇਹ ਮੁਫ਼ਤ ਰਾਸ਼ਨ ਲੋਕਾਂ ਦਾ ਹੱਕ ਹੈ। ਆਪਣੇ ਹੱਕ ਵਿੱਚ ਵੋਟਾਂ ਪਾਉਣ ਲਈ ਉਹ ਤੁਹਾਨੂੰ ਪੈਸੇ ਦੇ ਕੇ ਲਾਲਚ ਦੇ ਰਹੇ ਹਨ। ਇਸ ਲਈ, ਜਦੋਂ ਤੁਸੀਂ 13 ਤਰੀਕ ਨੂੰ ਵੋਟ ਪਾਉਣ ਜਾਂਦੇ ਹੋ ਤਾਂ ਸਾਵਧਾਨ ਰਹੋ।

ਚੌਥੇ ਪੜਾਅ ਦੀ ਵੋਟਿੰਗ ਤੋਂ ਤਿੰਨ ਦਿਨ ਪਹਿਲਾਂ ਮਾਇਆਵਤੀ ਨੇ ਇਹ ਵੀ ਕਿਹਾ ਕਿ ਭਾਜਪਾ ਦੇ ਚੰਗੇ ਦਿਨਾਂ ਦੇ ਵਾਅਦੇ ਵਿਅਰਥ ਹੀ ਰਹੇ। ਹੋਰ ਪਾਰਟੀਆਂ ਰਾਖਵੇਂਕਰਨ ਨੂੰ ਖਤਮ ਕਰਨ ਲਈ ਕੰਮ ਕਰ ਰਹੀਆਂ ਹਨ। ਉਸ ਦੀਆਂ ਨੀਤੀਆਂ ਤੋਂ ਗਰੀਬ ਅਤੇ ਸਮਾਜ ਦੇ ਹੋਰ ਵਰਗ ਦੁਖੀ ਹਨ। ਵਪਾਰੀ ਵਰਗ ਵੀ ਗਲਤ ਆਰਥਿਕ ਨੀਤੀਆਂ ਤੋਂ ਪ੍ਰੇਸ਼ਾਨ ਹੈ। ਉਨ੍ਹਾਂ ਕਿਹਾ ਕਿ ਹਿੰਦੂਤਵ ਦੀ ਆੜ ਵਿੱਚ ਮੁਸਲਿਮ ਸਮਾਜ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਸਾਡੀ ਪਾਰਟੀ ਮੁਸਲਿਮ ਸੰਤਾਂ ਅਤੇ ਬ੍ਰਾਹਮਣ ਸਮਾਜ ਦੀ ਚੜ੍ਹਦੀ ਕਲਾ ਲਈ ਕੰਮ ਕਰੇਗੀ।

ਉਨ੍ਹਾਂ ਇਹ ਵੀ ਕਿਹਾ ਕਿ ਭਾਜਪਾ ਅਤੇ ਹੋਰ ਪਾਰਟੀਆਂ ਵੱਡੇ ਉਦਯੋਗਪਤੀਆਂ ਤੋਂ ਪੈਸੇ ਲੈ ਕੇ ਰਾਜ ਸਭਾ ਅਤੇ ਵਿਧਾਨ ਪ੍ਰੀਸ਼ਦ ਵਿੱਚ ਭੇਜਦੀਆਂ ਹਨ। ਉਨ੍ਹਾਂ ਰਾਖਵੇਂਕਰਨ ਦਾ ਮੁੱਦਾ ਉਠਾਉਂਦਿਆਂ ਕਿਹਾ ਕਿ ਕਾਂਗਰਸ ਸ਼ੁਰੂ ਤੋਂ ਹੀ ਰਾਖਵੇਂਕਰਨ ਦਾ ਵਿਰੋਧ ਕਰਦੀ ਆ ਰਹੀ ਹੈ। ਹੁਣ ਭਾਜਪਾ ਵੀ ਉਸੇ ਤਰਜ਼ 'ਤੇ ਅੱਗੇ ਵਧ ਰਹੀ ਹੈ।

ਉਨ੍ਹਾਂ ਸਵਾਲ ਉਠਾਉਂਦਿਆਂ ਇਹ ਵੀ ਕਿਹਾ ਕਿ ਕਾਂਗਰਸ ਦੇ ਲੋਕ ਕਿਸ ਮੂੰਹ ਨਾਲ ਕਹਿੰਦੇ ਹਨ ਕਿ ਉਹ ਰਾਖਵੇਂਕਰਨ ਦੇ ਹੱਕ ਵਿੱਚ ਹਨ, ਦਲਿਤਾਂ, ਪੱਛੜੀਆਂ ਸ਼੍ਰੇਣੀਆਂ ਅਤੇ ਆਦਿਵਾਸੀਆਂ ਦੇ ਸਮਰਥਕ ਬਣਨਾ ਸਿਰਫ਼ ਵੋਟ ਦੀ ਰਾਜਨੀਤੀ ਹੈ।

ਬਸਪਾ ਮੁਖੀ ਮਾਇਆਵਤੀ ਨੇ ਕਿਹਾ ਕਿ ਭਾਜਪਾ ਨੇ ਸੰਵਿਧਾਨ ਮੁਤਾਬਕ ਰਾਖਵਾਂਕਰਨ ਦੇਣ ਦਾ ਕੰਮ ਕਦੇ ਨਹੀਂ ਕੀਤਾ। ਭਾਜਪਾ ਸੱਤਾ ਵਿੱਚ ਹੋਣ ਦੇ ਬਾਵਜੂਦ ਬ੍ਰਾਹਮਣ ਸਮਾਜ ਨੂੰ ਸਭ ਤੋਂ ਵੱਧ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਿਸ ਕਾਰਨ ਇਹ ਸਮਾਜ ਦੁਖੀ ਹੈ।

ਉਨ੍ਹਾਂ ਚੋਣ ਮੰਚ ਤੋਂ ਇਹ ਵੀ ਕਿਹਾ ਕਿ ਜੇਕਰ ਈਵੀਐਮ ਵਿੱਚ ਖ਼ਰਾਬੀ ਨਾ ਹੁੰਦੀ ਤਾਂ ਚੋਣ ਨਤੀਜੇ ਕੁਝ ਹੋਰ ਹੋਣੇ ਸਨ। ਉਨ੍ਹਾਂ ਨੇ ਲੋਕਾਂ ਨੂੰ ਐਗਜ਼ਿਟ ਪੋਲ ਪ੍ਰਤੀ ਸੁਚੇਤ ਰਹਿਣ ਅਤੇ ਇਨ੍ਹਾਂ ਦਾ ਸ਼ਿਕਾਰ ਨਾ ਹੋਣ ਲਈ ਕਿਹਾ। ਉਨ੍ਹਾਂ ਕਿਹਾ ਕਿ ਬਸਪਾ ਸਭ ਦੇ ਹਿੱਤ ਵਿੱਚ ਸਰਕਾਰ ਚਲਾਏਗੀ। ਦਲਿਤ ਅਤੇ ਆਦਿਵਾਸੀ ਪੱਛੜੀਆਂ ਸ਼੍ਰੇਣੀਆਂ ਦੀ ਸੁਰੱਖਿਆ ਅਤੇ ਉੱਨਤੀ ਲਈ ਕੰਮ ਕਰੇਗੀ।

ਮਾਇਆਵਤੀ ਨੇ ਭਾਜਪਾ ਅਤੇ ਕਾਂਗਰਸ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਇਹ ਦੋਵੇਂ ਪਾਰਟੀਆਂ ਪੂੰਜੀਪਤੀਆਂ ਦੇ ਚੰਦੇ 'ਤੇ ਚੱਲਣ ਵਾਲੀਆਂ ਸਰਕਾਰਾਂ ਹਨ। ਜਦਕਿ ਬਸਪਾ ਅਜਿਹਾ ਨਹੀਂ ਕਰਦੀ। ਮਾਇਆਵਤੀ ਨੇ ਕਿਹਾ ਕਿ ਜੋ ਥੋੜ੍ਹਾ ਜਿਹਾ ਪੈਸਾ ਇਕੱਠਾ ਹੋਇਆ ਹੈ, ਉਹ ਬਸਪਾ ਵਰਕਰਾਂ ਦੇ ਸਹਿਯੋਗ ਅਤੇ ਜਨਮ ਦਿਨ ਦੇ ਮੌਕੇ 'ਤੇ ਹੈ। ਉਹ ਪੈਸਾ ਪਾਰਟੀ ਵਿੱਚ ਖਰਚ ਹੁੰਦਾ ਹੈ। ਜਦਕਿ ਭਾਜਪਾ ਅਤੇ ਕਾਂਗਰਸ ਪੂੰਜੀਪਤੀਆਂ ਤੋਂ ਪੈਸੇ ਲੈ ਕੇ ਚੋਣਾਂ ਲੜਦੀਆਂ ਹਨ।

# ਕਿਸਾਨਾਂ ਲਈ ਨਿਰਯਾਤ ਅਤੇ ਨੌਜਵਾਨਾਂ ਲਈ ਸਟਾਰਟਅੱਪ ਮੌਕਿਆਂ ਦੀ ਸ਼ੁਰੂਆਤ ਲਈ ਮਜੀਠੀਆ ਨਾਲ ਮੁਲਾਕਾਤ ਕੀਤੀ



ਜੈਤੋ , ਪੰਜਾਬ ਰੂਰਲ ਡਿਵੈਲਪਮੈਂਟ ਸੋਸਾਇਟੀ (ਐਨ.ਜੀ.ਓ.) ਦੇ ਪ੍ਰਧਾਨ ਨਰਿੰਦਰ ਸਿੰਘ ਐਮ.ਜੀ.ਏ. ਅਤੇ ਸਕੱਤਰ ਜਨਰਲ ਦਮਨਜੀਤ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨਾਲ ਉਨ੍ਹਾਂ ਦੇ ਗ੍ਰਹਿ ਵਿਖੇ ਵਿਸ਼ੇਸ਼ ਤੌਰ 'ਤੇ ਮੁਲਾਕਾਤ ਕੀਤੀ।ਇਸ ਮੀਟਿੰਗ ਦੌਰਾਨ, ਸੁਸਾਇਟੀ ਦੇ ਆਗੂਆਂ ਨਰਿੰਦਰ ਸਿੰਘ ਐਮ.ਜੀ.ਏ ਅਤੇ ਦਮਨਜੀਤ ਸਿੰਘ ਨੇ ਵੱਖ-ਵੱਖ ਪ੍ਰੋਜੈਕਟਾਂ ਰਾਹੀਂ ਕਿਸਾਨਾਂ ਦੀ ਆਮਦਨ ਨੂੰ ਉੱਚਾ ਚੁੱਕਣ ਅਤੇ ਨੌਜਵਾਨਾਂ ਨੂੰ ਸਸ਼ਕਤ ਬਣਾਉਣ 'ਤੇ ਆਪਣੇ (ਐਨ.ਜੀ.ਓ) ਦੇ ਉਦੇਸ਼ਾਂ ਬਾਰੇ ਚਾਨਣਾ ਪਾਇਆ। ਉਨ੍ਹਾਂ ਨੇ ਸਾਂਝੇ ਤੌਰ 'ਤੇ ਪ੍ਰਗਟ ਕੀਤਾ ਕਿ ਮੁੱਖ ਟੀਚਾ ਕਿਸਾਨਾਂ ਦੀ ਆਮਦਨ ਨੂੰ ਵਧਾਉਣਾ ਅਤੇ ਛੋਟੇ ਪੱਧਰ ਦੇ ਸਟਾਰਟਅੱਪ ਸ਼ੁਰੂ ਕਰਨ ਵਿੱਚ ਨੌਜਵਾਨਾਂ ਦਾ ਮੱਦਦ ਅਤੇ ਸਮਰਥਨ ਕਰਨਾ ਹੈ।ਉਨ੍ਹਾਂ ਨੇ ਕਿਹਾ ਕਿ ਸਾਡਾ (ਐਨ.ਜੀ.ਓ) ਪੰਜਾਬ ਦੇ ਕਿਸਾਨਾਂ ਨੂੰ ਅਰਬ ਅਤੇ ਹੋਰਨਾਂ ਦੇਸ਼ਾਂ ਦੀਆਂ ਮੰਡੀਆਂ ਵਿੱਚ ਸਿੱਧੇ ਨਿਰਯਾਤ ਦੇ ਮੌਕਿਆਂ ਦੀ ਸਹੂਲਤ ਪ੍ਰਦਾਨ ਕਰਨ ਵਿੱਚ ਸਹਾਇਤਾ ਕਰਦਾ ਹੈ, ਜਿਸ ਨਾਲ ਕਿਸਾਨ ਆਪਣੀ ਖ਼ੇਤੀਬਾੜੀ ਉਪਜਾਂ ਲਈ ਚੰਗੇ ਮੁਨਾਫ਼ਾ ਅਤੇ ਵਾਧਾ ਕਮਾ ਸਕਦੇ ਹਨ।ਇਸ ਮੌਕੇ ਸੁਸਾਇਟੀ ਦੇ ਅਹੁਦੇਦਾਰਾਂ ਨੇ ਖ਼ੇਤੀਬਾੜੀ ਅਰਥਚਾਰੇ ਨੂੰ ਹੁਲਾਰਾ ਦੇਣ ਅਤੇ ਸੂਬੇ ਦੀ ਆਰਥਿਕ ਸਥਿਤੀ ਨੂੰ ਮਜ਼ਬੂਤ ਕਰਨ ਲਈ ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਕਾਰਗੋ ਸਹੂਲਤ ਦੀ ਵਰਤੋਂ ਕਰਨ ਦੀ ਵਕਾਲਤ ਕੀਤੀ।ਉਨ੍ਹਾਂ ਮੰਗ ਕੀਤੀ ਕਿ ਪੰਜਾਬ ਤੋਂ ਨਿਰਯਾਤ ਨੂੰ ਕੁਸ਼ਲਤਾ ਅਤੇ ਲਾਗਤ-ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਲਈ ਮੁੰਬਈ ਅਤੇ ਗੁਜਰਾਤ ਦੀਆਂ ਸਮੁੰਦਰੀ ਬੰਦਰਗਾਹਾਂ 'ਤੇ ਅਨੁਕੂਲ ਨੀਤੀਆਂ ਬਣਾਉਣ ਲਈ ਤੁਰੰਤ ਕਾਰਵਾਈ ਕੀਤੀ ਜਾਵੇ।ਇਸ ਤੋਂ ਇਲਾਵਾ, ਉਨ੍ਹਾਂ ਨੇ ਬਿਕਰਮ ਸਿੰਘ ਮਜੀਠੀਆ ਨੂੰ ਬੇਨਤੀ ਕੀਤੀ ਕਿ ਉਹ ਸਥਾਨਕ ਬਰਾਮਦਕਾਰਾਂ ਨੂੰ ਦਰਪੇਸ਼ ਨਿਰਯਾਤ ਸੰਬੰਧੀ ਚੁਣੌਤੀਆਂ ਨੂੰ ਹੱਲ ਕਰਨ ਲਈ ਅੰਮ੍ਰਿਤਸਰ ਵਿੱਚ ਡਾਇਰੈਕਟੋਰੇਟ ਜਨਰਲ ਆਫ਼ ਫਾਰੇਨ ਟਰੇਡ (ਡੀਜੀਐਫ਼ਟੀ) ਦਾ ਦਫ਼ਤਰ ਸਥਾਪਤ ਕਰਨ ਲਈ ਪੁਰਜ਼ੋਰ ਸਮਰਥਨ ਲਈ ਕੇਂਦਰ ਸਰਕਾਰ ਕੋਲ ਮੁੱਦਾ ਚੁੱਕਣ।ਇਸ ਸੰਬੰਧ ਵਿੱਚ, ਸ੍ਰ. ਮਜੀਠੀਆ ਨੇ ਸੁਸਾਇਟੀ ਦੀਆਂ ਬੇਨਤੀਆਂ ਨੂੰ ਸੰਬੋਧਿਤ ਕਰਨ ਵਿੱਚ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ ਅਤੇ ਪੰਜਾਬ ਦੇ ਕਿਸਾਨਾਂ ਅਤੇ ਨੌਜਵਾਨਾਂ ਦੀ ਬਿਹਤਰੀ ਲਈ ਕੰਮ ਕਰਨ ਲਈ ਹਮੇਸ਼ਾ ਵਚਨਬੱਧ ਰਹਿਣ ਦਾ ਭਰੋਸਾ ਦਿੱਤਾ।ਇੱਥੇ ਇਹ ਦੱਸਣਯੋਗ ਹੈ ਕਿ ਸੁਸਾਇਟੀ ਨੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨ ਅਤੇ ਨਿਰਯਾਤ ਕਾਰੋਬਾਰ ਵਿੱਚ ਦਿਲਚਸਪੀ ਰੱਖਣ ਵਾਲੇ ਕਿਸਾਨਾਂ ਨੂੰ ਮਾਰਗਦਰਸ਼ਨ ਪ੍ਰਦਾਨ ਕਰਨ ਦੇ ਉਦੇਸ਼ ਨਾਲ ਅੰਮ੍ਰਿਤਸਰ ਦੇ ਦੱਖਣੀ ਹਲਕੇ ਵਿੱਚ ਇੱਕ ਨਵੇਂ ਸੁਸਾਇਟੀ ਦਫ਼ਤਰ ਦਾ ਖੋਲ੍ਹਣ ਦਾ ਐਲਾਨ ਕੀਤਾ ਜਿਸ ਦਾ ਉਦਘਾਟਨ ਵਿਸ਼ੇਸ਼ ਤੌਰ 'ਤੇ ਬਿਕਰਮ ਸਿੰਘ ਮਜੀਠੀਆ ਵੱਲੋਂ ਕੀਤਾ ਜਾਵੇਗਾ।

ਐਨਜੀਓ ਦੇ ਪ੍ਰਧਾਨ ਨਰਿੰਦਰ ਸਿੰਘ (ਐਮਜੀਏ) ਅਤੇ ਸਕੱਤਰ ਜਨਰਲ ਦਮਨਜੀਤ ਸਿੰਘ ਵੱਲੋਂ ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨੂੰ ਸਨਮਾਨਿਤ ਕਰਦੇ ਹੋਏ।

# ਕਾਨਪੁਰ 'ਚ ਭਾਜਪਾ ਖਿਲਾਫ ਰਾਹੁਲ-ਅਖਿਲੇਸ਼ ਗਰਜਦੇ ਹਨ: ਮੋਦੀ 2024 'ਚ ਪ੍ਰਧਾਨ ਮੰਤਰੀ ਨਹੀਂ ਬਣਨਗੇ

## - ਯੂਪੀ ਵਿੱਚ ਭਾਰਤ ਗਠਜੋੜ ਨੂੰ 50 ਸੀਟਾਂ ਮਿਲਣਗੀਆਂ




ਕਾਨਪੁਰ ਸੁਨੀਲ ਬਾਜਪਾਈ- ਇੱਥੇ 13 ਤਰੀਕ ਨੂੰ ਹੋਣ ਵਾਲੀਆਂ ਲੋਕ ਸਭਾ ਚੋਣਾਂ ਜਿੱਤਣ ਲਈ ਭਾਜਪਾ, ਬਸਪਾ, ਸਪਾ ਅਤੇ ਕਾਂਗਰਸ ਵਿਚਾਲੇ ਦੋਸ਼ਾਂ ਅਤੇ ਜਵਾਬੀ ਦੋਸ਼ਾਂ ਦਾ ਦੌਰ ਚੱਲ ਰਿਹਾ ਹੈ।

ਇਸੇ ਸਿਲਸਿਲੇ 'ਚ ਕਾਂਗਰਸ ਨੇਤਾ ਰਾਹੁਲ ਗਾਂਧੀ ਅਤੇ ਸਮਾਜਵਾਦੀ ਪਾਰਟੀ ਦੇ ਮੁਖੀ ਸਾਬਕਾ ਮੁੱਖ ਮੰਤਰੀ ਅਖਿਲੇਸ਼ ਯਾਦਵ ਨੇ ਭਾਰਤੀ ਗਠਜੋੜ ਦੀ ਤਰਫੋਂ ਸਰਕਾਰੀ ਇੰਟਰ ਕਾਲਜ ਚੁੰਨੀਗੰਜ 'ਚ ਚੋਣ ਰੈਲੀ 'ਚ ਭਾਰਤੀ ਜਨਤਾ ਪਾਰਟੀ 'ਤੇ ਜ਼ੋਰਦਾਰ ਨਾਹਰੇਬਾਜ਼ੀ ਕੀਤੀ। ਅਖਿਲੇਸ਼ ਯਾਦਵ ਨੇ ਕਿਹਾ ਕਿ ਇਸ ਸਰਕਾਰੀ ਇੰਟਰ ਕਾਲਜ ਦੇ ਮੈਦਾਨ ਤੋਂ ਹੀ ਤੈਅ ਹੋਵੇਗਾ ਕਿ ਸਰਕਾਰ ਬਦਲਣ ਜਾ ਰਹੀ ਹੈ। ਕਿਸਾਨਾਂ ਨੂੰ ਬੇਲੋੜੀ ਨੈਨੋ ਯੂਰੀਆ ਖਰੀਦਣ ਲਈ ਮਜਬੂਰ ਕੀਤਾ ਗਿਆ। ਸਾਡੀ ਸਰਕਾਰ ਬਣਦੇ ਹੀ ਅਗਨੀਵੀਰ ਸਿਸਟਮ ਖਤਮ ਕਰ ਦੇਣਗੇ। ਸਾਡਾ ਉਦੇਸ਼ ਕਾਨਪੁਰ ਨੂੰ ਕਾਮਪੁਰ ਬਣਾਉਣਾ ਹੈ, ਸਾਡੀ ਤਰਜੀਹ ਹਰ ਕਿਸੇ ਨੂੰ ਕੰਮ ਪ੍ਰਦਾਨ ਕਰਨਾ ਹੈ।

ਕਾਂਗਰਸ ਨੇਤਾ ਰਾਹੁਲ ਗਾਂਧੀ ਨੇ ਕਿਹਾ- ਨਰਿੰਦਰ ਮੋਦੀ ਡਰੇ ਹੋਏ ਹਨ। ਇਸ ਡਰ ਕਾਰਨ ਉਹ ਆਪਣੇ ਦੋਸਤਾਂ ਨੂੰ ਕਹਿ ਰਹੇ ਹਨ-ਅਡਾਨੀ-ਅੰਬਾਨੀ, ਮੈਨੂੰ ਬਚਾਓ। ਇੰਡੀ ਗੱਠਜੋੜ ਨੇ ਘੇਰ ਲਿਆ ਹੈ। ਮੈਂ ਹਾਰਨ ਜਾ ਰਿਹਾ ਹਾਂ। ਰਾਹੁਲ ਨੇ ਦਾਅਵਾ ਕੀਤਾ ਕਿ ਮੋਦੀ 2024 'ਚ ਪ੍ਰਧਾਨ ਮੰਤਰੀ ਨਹੀਂ ਬਣਨਗੇ।

ਰਾਹੁਲ ਨੇ ਦੋਸ਼ ਲਾਇਆ ਕਿ ਪ੍ਰਧਾਨ ਮੰਤਰੀ ਮੋਦੀ ਨੇ ਕਰੋੜਾਂ ਨੌਜਵਾਨਾਂ ਨੂੰ ਬੇਰੁਜ਼ਗਾਰ ਕਰ ਦਿੱਤਾ ਹੈ। ਟੀਕਾ ਬਣਾਉਣ ਵਾਲੀ ਕੰਪਨੀ ਤੋਂ ਕਰੋੜਾਂ ਰੁਪਏ ਲੈ ਲਏ। ਤੂੰ ਮਰ ਰਿਹਾ ਸੀ ਤੇ ਉਹ ਥਾਲੀ ਵਜਾਉਣ ਲਈ ਕਹਿ ਰਿਹਾ ਸੀ। ਨਫਰਤ ਨੂੰ ਖਤਮ ਕਰਨ ਲਈ ਅਸੀਂ ਪਿਆਰ ਫੈਲਾਇਆ ਹੈ। ਕਾਨਪੁਰ 'ਚ ਰਾਹੁਲ ਨੇ ਕਿਹਾ- ਅਸੀਂ ਪਿਛਲੇ 3 ਸਾਲਾਂ ਤੋਂ ਮੋਦੀ ਖਿਲਾਫ ਲੜ ਰਹੇ ਹਾਂ। ਯੂਪੀ ਵਿੱਚ ਭਾਰਤੀ ਗਠਜੋੜ ਨੂੰ 50 ਸੀਟਾਂ ਮਿਲਣਗੀਆਂ। ਮੇਡ ਇਨ ਚਾਈਨਾ ਮੇਡ ਇਨ ਕਾਨਪੁਰ ਦੇ ਸਾਹਮਣੇ ਟਿਕ ਨਹੀਂ ਸਕਦੀ। ਪਰ ਮੋਦੀ ਜੀ ਨੇ ਅਡਾਨੀ ਨੂੰ ਫਾਇਦਾ ਪਹੁੰਚਾਇਆ। ਉਨ੍ਹਾਂ ਨੇ ਜੀਐਸਟੀ ਅਤੇ ਨੋਟਬੰਦੀ ਕਰਕੇ ਕਾਨਪੁਰ ਨੂੰ ਤਬਾਹ ਕਰ ਦਿੱਤਾ। ਸਿਰਫ ਹੱਥ ਹੀ ਨਹੀਂ ਗਲਾ ਵੀ ਕੱਟਿਆ ਗਿਆ। ਅਡਾਨੀ ਲਈ ਸਾਡਾ ਕਾਰੋਬਾਰ ਖਤਮ ਹੋ ਗਿਆ। ਅਡਾਨੀ ਦੇ 16 ਲੱਖ ਕਰੋੜ ਰੁਪਏ ਮੁਆਫ਼ ਰੱਖਿਆ ਤੋਂ ਲੈ ਕੇ ਸੂਰਜੀ ਉਦਯੋਗਾਂ ਤੱਕ ਅਡਾਨੀ ਨੂੰ ਦਿੱਤੇ ਗਏ ਸਨ। ਇਸ ਦੌਰਾਨ ਸੁਰੱਖਿਆ ਦੇ ਸਖ਼ਤ ਪ੍ਰਬੰਧ ਕੀਤੇ ਗਏ ਸਨ।




# ਜਿਲਾ ਚੋਣ ਅਧਿਕਾਰੀ ਵੱਲੋਂ ਵੋਟ ਗਿਣਤੀ ਕੇਂਦਰਾਂ ਦਾ ਨਿਰੀਖਣ ਸ਼ੁਰੂ

ਅੰਮ੍ਰਿਤਸਰ:- - ਜਿਲਾ ਚੋਣ ਅਧਿਕਾਰੀ ਸ੍ਰੀ ਘਨਸ਼ਾਮ ਥੋਰੀ ਵੱਲੋਂ ਅੱਜ ਵੋਟ ਕੇਂਦਰਾਂ ਵਿੱਚ ਵੋਟਾਂ ਦੀ ਹੋਣ ਵਾਲੀ ਗਿਣਤੀ ਦੌਰਾਨ ਕੀਤੇ ਜਾਣ ਵਾਲੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਮਜੀਠਾ ਵਿਧਾਨ ਸਭਾ ਹਲਕੇ ਦੇ ਗਿਣਤੀ ਕੇਂਦਰ ਜੋ ਕਿ ਮਾਈ ਭਾਗੋ ਕਾਲਜ ਲੜਕੀਆਂ ਵਿਖੇ ਹੈ, ਦੇ ਪ੍ਰਬੰਧ ਵੇਖਣ ਲਈ ਦੌਰਾ ਕੀਤਾ। ਇਸ ਮੌਕੇ ਉਨਾਂ ਨਾਲ ਐਸ ਡੀ ਐਮ ਮਜੀਠਾ ਡਾ ਹਰਨੂਰ ਕੌਰ ਢਿਲੋਂ , ਐਕਸੀਅਨ ਸ੍ਰੀ ਰਾਜੀਵ ਕੁਮਾਰ ਅਤੇ ਹੋਰ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ। ਜਿਲਾ ਚੋਣ ਅਧਿਕਾਰੀ ਨੇ ਵੋਟਿੰਗ ਮਸ਼ੀਨਾਂ ਰੱਖਣ ਲਈ ਬਣਾਏ ਗਏ ਸਟਰਾਂਗ ਰੂਮ ਦੀ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਹਦਾਇਤ ਕੀਤੀ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਸੁਰੱਖਿਆ , ਸੀ ਸੀ ਟੀ ਵੀ ਕੈਮਰੇ ਆਦਿ ਦੇ ਪ੍ਰਬੰਧ ਕੀਤੇ ਜਾਣੇ ਯਕੀਨੀ ਬਣਾਏ ਜਾਣ। ਉਨਾਂ ਕਿਹਾ ਕਿ ਮਸ਼ੀਨਾਂ ਦੀ ਸੁਰੱਖਿਆ ਲਈ ਤੈਅ ਨਿਯਮਾਂ ਦੀ ਇੰਨ ਬਿੰਨ ਪਾਲਣਾ ਜ਼ਰੂਰੀ ਹੈ।

ਉਨਾਂ ਇਸ ਤੋਂ ਇਲਾਵਾ ਗਿਣਤੀ ਕੇਂਦਰ ਤੱਕ ਵੋਟਿੰਗ ਮਸ਼ੀਨਾਂ ਲਿਜਾਣ ਅਤੇ ਗਿਣਤੀ ਦੌਰਾਨ ਮਸ਼ੀਨ ਦੇ ਖੋਲਣ ਤੋਂ ਲੈ ਕੇ ਵੋਟਾਂ ਦਾ ਜੋੜ ਕਰਨ ਤੇ ਐਲਾਨ ਕਰਨ ਤੱਕ ਦੇ ਸਾਰੇ ਪ੍ਰਬੰਧਾਂ ਦੀ ਸਮੀਖਿਆ ਕੀਤੀ। ਉਨਾਂ ਕਿਹਾ ਕਿ ਵੋਟਾਂ ਦੀ ਗਿਣਤੀ ਵਾਲੇ ਦਿਨ ਮੌਸਮ ਨੂੰ ਧਿਆਨ ਵਿੱਚ ਰੱਖਦੇ ਗਿਣਤੀ ਵਿੱਚ ਲੱਗੇ ਕਰਮਚਾਰੀਆਂ, ਸੁਰੱਖਿਆ ਅਮਲੇ ਅਤੇ ਉਮੀਦਵਾਰਾਂ ਦੇ ਚੋਣ ਏਜੰਟ ਜੋ ਕਿ ਗਿਣਤੀ ਵੇਲੇ ਹਾਜ਼ਰ ਹੋਣਗੇ ਲਈ ਗਰਮੀ ਨੂੰ ਧਿਆਨ ਵਿੱਚ ਰੱਖਦੇ ਹੋਏ ਪੱਖੇ, ਕੂਲਰ, ਛਾਂ ਅਤੇ ਪੀਣ ਵਾਲੇ ਪਾਣੀ ਦੇ ਪੁਖ਼ਤਾ ਪ੍ਰਬੰਧ ਕੀਤੇ ਜਾਣ।

ਜਿਲਾ ਚੋਣ ਅਧਿਕਾਰੀ ਨੇ ਸਪੱਸ਼ਟ ਕੀਤਾ ਕਿ ਜਿਲੇ ਵਿੱਚ ਵੋਟਾਂ ਇਕ ਜੂਨ ਨੂੰ ਪੈਣੀਆਂ ਹਨ ਅਤੇ ਗਿਣਤੀ 4 ਜੂਨ ਨੂੰ ਹੋਣੀ ਹੈ, ਨੂੰ ਧਿਆਨ ਵਿੱਚ ਰੱਖਦੇ ਹੋਏ ਐਡਵਾਂਸ ਵਿੱਚ ਸਾਰੇ ਪ੍ਰਬੰਧ ਕਰ ਲਏ ਜਾਣ, ਕਿਉਂਕਿ ਵੋਟਾਂ ਉਪਰੰਤ ਕੇਵਲ ਦੋ ਦਿਨ ਸਾਨੂੰ ਮਿਲਣੇ ਹਨ ਜਿਸ ਵਿੱਚ ਸਾਰੇ ਪ੍ਰਬੰਧ ਪੂਰੇ ਕਰਨੇ ਔਖੇ ਹੋਣਗੇ, ਸੋ ਜ਼ਿਆਦਾਤਰ ਤਿਆਰੀ ਵੋਟਾਂ ਤੋਂ ਪਹਿਲਾਂ ਕਰਨ ਨੂੰ ਤਰਜੀਹ ਦਿੱਤੀ ਜਾਵੇ।

# ਦਸਮੇਸ਼ ਗਲੋਬਲ ਸਕੂਲ ਬਰਗਾੜੀ ਵਿਖੇ ਮਨਾਇਆ ਗਿਆ ਮਾਂ ਦਿਵਸ




ਬਰਗਾੜੀ/ ਜੈਤੋ, - ਇਲਾਕੇ ਦੀ ਨਾਮਵਰ ਵਿੱਦਿਆਕ ਸੰਸਥਾ ਦਸਮੇਸ਼ ਗਲੋਬਲ ਸਕੂਲ ਬਰਗਾੜੀ ਵੱਲੋਂ ਮਿਤੀ 9 ਮਈ ਨੂੰ 'ਮਾਂ ਦਿਵਸ' ਵਜੋਂ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਬੱਚਿਆਂ ਨੇ ਗੀਤ ਗਾਏ ਅਤੇ ਵੱਖ-ਵੱਖ ਮਾਂ ਨੂੰ ਦਰਸਾਉਂਦੇ ਗੀਤਾਂ ਉੱਪਰ ਡਾਂਸ ਕੀਤਾ। ਛੋਟੇ-ਛੋਟੇ ਬੱਚੇ ਮਾਂ ਨਾਲ ਸੰਬੰਧਿਤ ਗੀਤਾਂ ਉੱਪਰ ਡਾਂਸ ਕਰਦੇ ਅਤੇ ਗੀਤ ਦੇ ਬੋਲਾਂ ਨਾਲ ਇੱਕ ਸੁਰ ਹੁੰਦੇ ਆਪਣੀ-ਆਪਣੀ ਮਾਂ ਲਈ ਪਿਆਰ ਪ੍ਰਗਟ ਕਰ ਰਹੇ ਸਨ। ਸਕੂਲ ਦੇ ਅਧਿਆਪਕਾਂ ਅਤੇ ਡਾਂਸ ਅਧਿਆਪਕ ਧਰਮਪ੍ਰੀਤ ਦੀ ਕਰਵਾਈ ਗਈ ਮਿਹਨਤ ਸਟੇਜ ਉੱਪਰ ਝਲਕਦੀ ਵੇਖੀ ਗਈ। ਇਸ ਸਮੇਂ ਸਕੂਲ ਦੇ ਕੋਆਰਡੀਨੇਟਰ ਮੈਡਮ ਸਪਨਾ ਦੂਆ ਨੇ ਬੱਚਿਆਂ ਨੂੰ ਮਾਂ ਦੀ ਕਦਰ ਕਰਨ ਅਤੇ ਹਰ ਰੋਜ਼ ਸਵੇਰੇ ਅਸ਼ੀਰਵਾਦ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਤੇ ਬੋਲਦਿਆਂ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਅਜੇ ਸ਼ਰਮਾ ਜੀ ਨੇ ਮਾਂ ਦਿਵਸ ਦੀ ਮਹੱਤਤਾ ਬਾਰੇ ਬੱਚਿਆਂ ਨੂੰ ਜਾਣਕਾਰੀ ਦਿੱਤੀ। ਬੱਚਿਆਂ ਨੂੰ ਮਾਪਿਆਂ ਦਾ ਕਹਿਣਾ ਮੰਨਣ ਅਤੇ ਉਹਨਾਂ ਦੀ ਆਗਿਆ ਦਾ ਪਾਲਣ ਕਰਨ ਲਈ ਕਿਹਾ। ਹਰ ਬੱਚੇ ਨੂੰ ਬਚਪਨ ਤੋਂ ਲੈ ਕੇ ਰਹਿੰਦੀ ਉਮਰ ਤੱਕ ਮਾਂ ਦੀ ਲੋੜ ਹੁੰਦੀ ਹੈ, ਇਸੇ ਲਈ ਮਾਂ ਨੂੰ ਰੱਬ ਦਾ ਦੂਜਾ ਰੂਪ ਆਖਦੇ ਹਨ। ਇਸ ਸਮੇਂ ਬੱਚਿਆਂ ਦੇ 'ਮਦਰ ਟੀਚਰਜ਼' ਜੋ ਸਿਰਫ਼ ਪੜਾਉਂਦੇ ਹੀ ਨਹੀਂ ਬਲਕਿ ਮਾਂ ਵਾਲਾ ਪਿਆਰ ਵੀ ਦਿੰਦੇ ਹਨ ਨੂੰ ਇਸ ਮਾਂ ਦਿਵਸ ਤੇ ਸਟੇਜ ਉੱਪਰ ਬੁਲਾ ਕੇ ਸਨਮਾਨ ਦਿੱਤਾ ਗਿਆ। ਇਸ ਸਮੇਂ ਸਕੂਲ ਦੇ ਕੋਆਰਡੀਨੇਟਰ ਹੋਮੀਸ਼ ਅਗਰਵਾਲ, ਵਿਨੈ ਪ੍ਰਤਾਪ ਸ਼ਰਮਾ, ਐਕਟੀਵਿਟੀ ਟੀਚਰ ਅਤੇ ਸਮੂਹ ਸਟਾਫ ਹਾਜ਼ਰ ਸੀ।



publisher/chief Editor
**Aman Mehra**
lok bani (news Paper)
lokbani08@gmail.com
www.lokbani.com
mob:99155-94111

**Head Office:**
Lokbani Sangam complex,Milap chowk jalandhar
Mob. 99155-94111

ਮਾਲਕ, ਪ੍ਰਕਾਸ਼ਕ, ਪ੍ਰਿੰਟਰ ਤੇ ਸੰਪਾਦਕ ਅਮਨ ਮੇਹਰਾ ਨੇ 'ਲੋਕ ਬਾਣੀ' ਦਾ ਇਹ ਅੰਕ ਰਚਨਾ ਪ੍ਰਿੰਟਰ, ਰੇਲਵੇ ਰੋਡ ਜਲੰਧਰ (ਪੰਜਾਬ) ਤੋਂ ਛਪਵਾ ਕੇ ਦਫਤਰ 'ਲੋਕ ਬਾਣੀ' ਸੰਗਮ ਕੰਪਲੈਕਸ ਮਿਲਾਪ ਚੌਂਕ ਜਲੰਧਰ (ਪੰਜਾਬ) ਤੋਂ ਪ੍ਰਕਾਸ਼ਤ ਕੀਤਾ।
RNI. PUNPUN/29016/2008

मालिक , प्रकाशक , प्रिंटर व संपादक अमन मेहरा ने लोक बाणी का यह अंक रचना प्रिंटर, रेलवे रोड जलंधर ( पंजाब ) से छपवाकर दफ्तर लोक बाणी संगम कंपलेक्स मिलाप चौक जलंधर ( पंजाब ) से प्रकाशित किया।
RNI. PUNPUN/29016/2008

Editor, printers and publisher Aman Mehra, Printed at Rachna printers, Railwy Road Jalandhar (punjab) Office lokbani, Sangam complex Milap Chowk Jalandhar (punjab)
RNI. PUNPUN/29016/2008

# ਨਾਮਜ਼ਦਗੀਆਂ ਦਾਖ਼ਲ ਕਰਨ ਦੇ ਚੌਥੇ ਦਿਨ 12 ਨਾਮਜ਼ਦਗੀਆਂ ਦਾਖ਼ਲ; ਕੁੱਲ ਗਿਣਤੀ 20 ਤੱਕ ਪਹੁੰਚੀ




ਲੁਧਿਆਣਾ, ਲੋਕ ਬਾਣੀ (ਸੁਖਚੈਨ ਮਹਿਰਾ) – ਸ਼ੁੱਕਰਵਾਰ ਨੂੰ ਨਾਮਜ਼ਦਗੀਆਂ ਭਰਨ ਦੇ ਚੌਥੇ ਦਿਨ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਕੋਲ ਕੁੱਲ 12 ਨਾਮਜ਼ਦਗੀਆਂ ਦਾਖਲ ਕੀਤੀਆਂ ਗਈਆਂ। ਇਸ ਨਾਲ ਲੁਧਿਆਣਾ ਲੋਕ ਸਭਾ ਹਲਕੇ ਲਈ ਕੁੱਲ ਨਾਮਜ਼ਦਗੀਆਂ ਦੀ ਗਿਣਤੀ 20 ਹੋ ਗਈ ਹੈ।

ਨਾਮਜ਼ਦਗੀਆਂ 13 ਮਈ (ਸੋਮਵਾਰ) ਅਤੇ 14 ਮਈ (ਮੰਗਲਵਾਰ) ਨੂੰ ਵੀ ਦਾਖਲ ਕੀਤੀਆਂ ਜਾ ਸਕਦੀਆਂ ਹਨ। ਸ਼ੁੱਕਰਵਾਰ ਨੂੰ ਜਿਨ੍ਹਾਂ ਉਮੀਦਵਾਰਾਂ ਨੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਹਨ, ਉਨ੍ਹਾਂ ਵਿਚ ਸਮਾਜਿਕ ਸੰਘਰਸ਼ ਪਾਰਟੀ ਤੋਂ ਹਰਵਿੰਦਰ ਕੌਰ, ਭਾਰਤੀ ਜਨਤਾ ਪਾਰਟੀ (ਭਾਜਪਾ) ਤੋਂ ਰਵਨੀਤ ਸਿੰਘ ਬਿੱਟੂ, ਭਾਰਤੀ ਇੰਕਲਾਬ ਪਾਰਟੀ ਤੋਂ ਸੰਤੋਸ਼ ਕੁਮਾਰ, ਨਰੇਸ਼ ਕੁਮਾਰ ਧੀਂਗਾਨ (ਆਜ਼ਾਦ), ਕਰਨ ਧੀਂਗਾਨ (ਆਜ਼ਾਦ), ਲਖਵੀਰ ਸਿੰਘ (ਆਜ਼ਾਦ), ਭੋਲਾ ਸਿੰਘ (ਆਜ਼ਾਦ), ਵਿਸ਼ਾਲ ਕੁਮਾਰ ਅਰੋੜਾ (ਆਜ਼ਾਦ), ਬਲਵਿੰਦਰ ਸਿੰਘ (ਆਜ਼ਾਦ), ਸਹਿਜਧਾਰੀ ਸਿੱਖ ਪਾਰਟੀ ਤੋਂ ਅਮਨਦੀਪ ਸਿੰਘ, ਬਹੁਜਨ ਸਮਾਜ ਪਾਰਟੀ (ਬਸਪਾ) ਤੋਂ ਦਵਿੰਦਰ ਸਿੰਘ ਅਤੇ ਬਹੁਜਨ ਸਮਾਜ ਪਾਰਟੀ (ਬਸਪਾ) ਤੋਂ ਜਸਵਿੰਦਰ ਕੌਰ ਸ਼ਾਮਲ ਹਨ।

ਨਾਮਜ਼ਦਗੀ ਪੱਤਰ ਦਾਖਲ ਕਰਨ ਸਮੇਂ ਉਮੀਦਵਾਰਾਂ ਨੇ ਭਾਰਤੀ ਸੰਵਿਧਾਨ ਦੀ ਪਾਲਣਾ ਕਰਨ, ਭਾਰਤ ਦੀ ਪ੍ਰਭੂਸੱਤਾ ਅਤੇ ਅਖੰਡਤਾ ਨੂੰ ਬਰਕਰਾਰ ਰੱਖਣ ਅਤੇ ਭਾਰਤੀ ਚੋਣ ਕਮਿਸ਼ਨ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ ਦਾ ਪ੍ਰਣ ਵੀ ਲਿਆ। ਲੁਧਿਆਣਾ ਲੋਕ ਸਭਾ ਹਲਕੇ ਲਈ ਦਾਖਲ ਨਾਮਜ਼ਦਗੀਆਂ ਦੀ ਕੁੱਲ ਗਿਣਤੀ ਹੁਣ 20 ਹੋ ਗਈ ਹੈ।

ਜ਼ਿਕਰਯੋਗ ਹੈ ਕਿ 7 ਮਈ ਨੂੰ ਨਾਮਜ਼ਦਗੀ ਦੇ ਪਹਿਲੇ ਦਿਨ ਕੋਈ ਨਾਮਜ਼ਦਗੀ ਪੱਤਰ ਦਾਖਲ ਨਹੀਂ ਕੀਤਾ ਗਿਆ ਸੀ, ਜਦਕਿ ਦੂਜੇ ਦਿਨ ਤਿੰਨ ਨਾਮਜ਼ਦਗੀਆਂ ਦਾਖਲ ਕੀਤੀਆਂ ਗਈਆਂ ਸਨ। ਦੂਜੇ ਦਿਨ (8 ਮਈ) ਨੂੰ ਭਾਰਤੀ ਜਵਾਨ ਕਿਸਾਨ ਪਾਰਟੀ ਤੋਂ ਭੁਪਿੰਦਰ ਸਿੰਘ, ਵਿਪਨ ਕੁਮਾਰ (ਆਜ਼ਾਦ) ਅਤੇ ਬਲਦੇਵ ਰਾਜ ਕਤਨਾ (ਆਜ਼ਾਦ) ਨੇ ਨਾਮਜ਼ਦਗੀ ਪੱਤਰ ਦਾਖਲ ਕੀਤੇ। ਇਸੇ ਤਰ੍ਹਾਂ ਤੀਜੇ ਦਿਨ 9 ਮਈ (ਵੀਰਵਾਰ) ਨੂੰ ਪੰਜ ਉਮੀਦਵਾਰਾਂ ਨੇ ਆਪਣੇ ਨਾਮਜ਼ਦਗੀ ਪੱਤਰ ਦਾਖਲ ਕੀਤੇ। ਇਨ੍ਹਾਂ ਵਿੱਚ ਆਮ ਲੋਕ ਪਾਰਟੀ ਯੂਨਾਈਟਿਡ ਤੋਂ ਦਵਿੰਦਰ ਸਿੰਘ, ਸਰਵਜਨ ਸੇਵਾ ਪਾਰਟੀ ਵੱਲੋਂ ਗੁਰਸੇਵਕ ਸਿੰਘ ਅਤੇ ਆਜ਼ਾਦ ਉਮੀਦਵਾਰਾਂ ਵਜੋਂ ਜੈ ਪ੍ਰਕਾਸ਼ ਜੈਨ, ਸਿਮਰਨਦੀਪ ਸਿੰਘ ਅਤੇ ਰਵਿੰਦਰਪਾਲ ਸਿੰਘ ਸ਼ਾਮਲ ਸਨ। ਇਸ ਤੋਂ ਇਲਾਵਾ ਅੱਜ 12 ਨਾਮਜ਼ਦਗੀਆਂ ਦਾਖ਼ਲ ਕੀਤੀਆਂ ਗਈਆਂ ਹਨ।

ਜ਼ਿਲ੍ਹਾ ਚੋਣ ਅਫ਼ਸਰ ਸਾਹਨੀ ਨੇ ਦੱਸਿਆ ਕਿ ਚੋਣਾਂ ਲਈ ਗਜ਼ਟ ਨੋਟੀਫਿਕੇਸ਼ਨ ਮੰਗਲਵਾਰ (7 ਮਈ) ਨੂੰ ਜਾਰੀ ਕੀਤਾ ਗਿਆ ਸੀ। ਉਮੀਦਵਾਰ 14 ਮਈ, 2024 (ਜਨਤਕ ਛੁੱਟੀਆਂ ਨੂੰ ਛੱਡ ਕੇ) ਤੱਕ ਆਪਣੀਆਂ ਨਾਮਜ਼ਦਗੀਆਂ ਦਾਖਲ ਕਰ ਸਕਦੇ ਹਨ ਅਤੇ ਨਾਮਜ਼ਦਗੀਆਂ ਦੀ ਪੜਤਾਲ 15 ਮਈ, 2024 (ਬੁੱਧਵਾਰ) ਨੂੰ ਹੋਵੇਗੀ। ਉਮੀਦਵਾਰ 17 ਮਈ, 2024 (ਸ਼ੁੱਕਰਵਾਰ) ਤੱਕ ਆਪਣੀਆਂ ਨਾਮਜ਼ਦਗੀਆਂ ਵਾਪਸ ਲੈ ਸਕਦੇ ਹਨ।

ਜ਼ਿਲ੍ਹਾ ਚੋਣ ਅਫ਼ਸਰ ਸਾਹਨੀ ਨੇ ਇਹ ਵੀ ਦੱਸਿਆ ਕਿ ਨਾਮਜ਼ਦਗੀਆਂ 7 ਮਈ ਤੋਂ 14 ਮਈ, 2024 ਤੱਕ (ਜਨਤਕ ਛੁੱਟੀਆਂ ਨੂੰ ਛੱਡ ਕੇ) ਕਿਸੇ ਵੀ ਅਧਿਸੂਚਿਤ ਦਿਨ ਨੂੰ ਸਵੇਰੇ 11 ਵਜੇ ਤੋਂ ਦੁਪਹਿਰ 3 ਵਜੇ ਤੱਕ ਦਾਖਲ ਕੀਤੀਆਂ ਜਾ ਸਕਦੀਆਂ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ 11 ਮਈ ਅਤੇ 12 ਮਈ ਨੂੰ ਨਾਮਜ਼ਦਗੀਆਂ ਦਾਖਲ ਨਹੀਂ ਕੀਤੀਆਂ ਜਾ ਸਕਦੀਆਂ ਹਨ ਕਿਉਂਕਿ 11 ਮਈ ਨੂੰ ਦੂਜਾ ਸ਼ਨੀਵਾਰ ਹੈ ਅਤੇ 12 ਮਈ ਐਤਵਾਰ ਹੋਣ ਕਰਕੇ ਦੋਵੇਂ ਦਿਨ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ, 1881 ਦੇ ਤਹਿਤ ਛੁੱਟੀਆਂ ਹਨ। ਪੰਜਾਬ ਵਿੱਚ 1 ਜੂਨ, 2024 (ਸ਼ਨੀਵਾਰ) ਨੂੰ ਪੋਲਿੰਗ ਦਿਨ ਤੈਅ ਕੀਤਾ ਗਿਆ ਹੈ। ਪੋਲਿੰਗ ਦਾ ਸਮਾਂ ਸਵੇਰੇ 7 ਵਜੇ ਤੋਂ ਸ਼ਾਮ 6 ਵਜੇ ਤੱਕ ਹੈ। ਵੋਟਾਂ ਦੀ ਗਿਣਤੀ ਪੰਜਾਬ ਸਮੇਤ ਦੇਸ਼ ਭਰ ਵਿੱਚ 4 ਜੂਨ, 2024 (ਮੰਗਲਵਾਰ) ਨੂੰ ਹੋਵੇਗੀ। ਚੋਣਾਂ ਦੇ ਮੁਕੰਮਲ ਹੋਣ ਦੀ ਅੰਤਿਮ ਮਿਤੀ 6 ਜੂਨ, 2024 (ਵੀਰਵਾਰ) ਹੈ।

# ਰਿਟਾਇਰਡ ਰੈਵੀਨਿਊ ਕਾਨੂੰਨਗੋ ਪਟਵਾਰੀ ਵੈਲਫੇਅਰ ਐਸੋਸੀਏਸ਼ਨ ਮੋਗਾ ਵੱਲੋ ਮੈਡੀਕਲ ਬਿੱਲਾ ਸਬੰਧੀ ਬੱਜਟ ਜਾਰੀ ਕਰਨ ਦੀ ਮੰਗ



ਮੋਗਾ -- ਦੀ ਰਿਟਾਇਰਡ ਰੈਵੀਨਿਊ ਕਾਨੂੰਨਗੋ ਪਟਵਾਰੀ ਵੈਲਫੇਅਰ ਐਸੋਸੀਏਸ਼ਨ ਰਜਿ: ਮੋਗਾ ਵੱਲੋ ਸਰਕਾਰ ਤੋ ਮੰਗ ਕੀਤੀ ਗਈ ਕਿ ਮਾਲ ਵਿਭਾਗ ਤੋ ਰਿਟਾਇਰਡ ਪਟਵਾਰੀਆ ਕਾਨੂੰਨਗੋਆ ਦੇ ਖੁਦ ਤੇ ਪਰਿਵਾਰਕ ਮੈਂਬਰਾ ਦਾ ਇਲਾਜ਼ ਕਰਵਾਉਣ ਤੋ ਬਾਅਦ ਮੈਡੀਕਲ ਬਿੱਲ ਵੱਖ-ਵੱਖ ਅਦਾਰਿਆ ਤੋ ਪਾਸ ਕਰਵਾਉਣ ਤੋ ਬਾਅਦ ਅਦਾਇਗੀ ਲਈ ਡਾਇਰੈਕਟਰ ਦਫ਼ਤਰ ਜਲੰਧਰ ਭੇਜੇ ਗਏ ਹਨ। ਇਹ ਮੈਡੀਕਲ ਬਿੱਲ ਡੇਢ ਤੋ ਦੋ ਸਾਲ ਤੋ ਵੀ ਵੱਧ ਸਮੇਂ ਤੋ ਡਾਇਰੈਕਟਰ ਦਫ਼ਤਰ ਦੀਆਂ ਅਲਮਾਰੀਆ ਦਾ ਸਿੰਗਾਰ ਬਣੇ ਹੋਏ ਹਨ। ਪੀੜਤ ਵਿਅਕਤੀਆ ਵੱਲੋ ਜਦੋ ਵੀ ਡਾਇਰੈਕਟਰ ਦਫ਼ਤਰ ਨਾਲ ਸੰਪਰਕ ਕੀਤਾ ਜਾਂਦਾ ਹੈ ਤਾ ਉਨ੍ਹਾ ਦਾ ਇਕੋ ਹੀ ਜਵਾਬ ਪੈਨਸ਼ਨਰਜ ਦਾ ਬੱਜਟ ਨਾ ਹੋਣਾ ਅਲਾਪਿਆ ਜਾਂਦਾ ਹੈ। ਸਰਕਾਰ ਤੇ ਵਿਤ ਵਿਭਾਗ ਦੇ ਉੱਚ ਅਧਿਕਾਰੀਆ ਨੂੰ ਬੱਜਟ ਸਬੰਧੀ ਕੁੰਭਕਰਨੀ ਨੀਂਦ ਵਿੱਚੋ ਜਾਗਕੇ ਪੈਨਸ਼ਨਰਜ ਦਾ ਬਣਦਾ ਬੱਜਟ ਜਾਰੀ ਕਰਨਾ ਚਾਹੀਦਾ ਹੈ। ਪੈਨਸ਼ਨਰਜ ਜੋ ਗੰਭੀਰ ਬੀਮਾਰੀਆ ਤੋ ਪੀੜਤ ਆਪਣੇ ਖਰਚਿਆ ਤੇ ਇਲਾਜ਼ ਕਰਵਾਉਣ ਤੋ ਬਾਅਦ ਲੰਬੀ ਜੱਦੋ-ਜਹਿਦ ਕਰਕੇ ਬਿੱਲ ਪਾਸ ਕਰਵਾਕੇ ਡਾਇਰੈਕਟਰ ਦਫ਼ਤਰ ਨੂੰ ਭੇਜ ਚੁੱਕੇ ਹਨ ਨੂੰ ਰਾਹਤ ਮਿਲ ਸਕੇ ਕਿਉਂਕਿ ਬਿੱਲ ਪਾਸ ਕਰਵਾਉਣ ਲਈ ਅਨੇਕਾ ਦੁਸ਼ਵਾਰੀਆ ਦਾ ਸਾਹਮਣਾ ਕਰਕੇ ਬਿੱਲ ਪਾਸ ਕਰਵਾਏ ਜਾਂਦੇ ਹਨ। ਉਸ ਤੋ ਬਾਅਦ ਲੰਬਾ ਅਰਸਾ ਅਦਾਇਗੀ ਲਈ ਇੰਤਜ਼ਾਰ ਕਰਨਾ ਪੈਂਦਾ ਹੈ। ਇਸ ਵਿਧੀ ਨੂੰ ਸਰਲ ਬਣਾਇਆ ਜਾਂਣਾ ਚਾਹੀਦਾ ਹੈ। ਸਰਕਾਰ ਤੋ ਇਹ ਵੀ ਮੰਗ ਕੀਤੀ ਗਈ ਕਿ ਪੇਂਡੂ ਚੌਕੀਦਾਰਾ ਨੂੰ ਪਿਛਲੇ ਪੰਜ ਮਹੀਨਿਆ ਤੋ ਤਨਖ਼ਾਹ ਨਹੀ ਮਿਲੀ। ਜਿਸ ਕਾਰਨ ਉਹ ਬਹੁਤ ਮੁਸ਼ਕਿਲ ਵਿੱਚ ਹਨ।

ਹਾੜੀ ਦਾ ਸੀਜਨ ਹੋਣ ਕਾਰਨ ਉਨ੍ਹਾ ਨੇ ਆਪਣੇ ਤੇ ਪਰਿਵਾਰ ਲਈ ਖਾਣ ਲਈ ਸਾਲ ਦੀ ਕਣਕ ਖ੍ਰੀਦਣੀ ਹੁੰਦੀ ਹੈ। ਸਰਕਾਰ ਨੂੰ ਤੁਰੰਤ ਤਨਖ਼ਾਹ ਦੀ ਬਕਾਇਆ ਰਾਸ਼ੀ ਜਾਰੀ ਕਰਨੀ ਚਾਹੀਦੀ ਹੈ ਤਾ ਜੋ ਉਹ ਆਪਣੇ ਪਰਿਵਾਰਾ ਦਾ ਪਾਲਣ ਪੋਸ਼ਣ ਕਰ ਸਕਣ। ਅੱਜ ਦੀ ਇਸ ਮੀਟਿੰਗ ਦੌਰਾਨ ਦਰਸ਼ਨ ਸਿੰਘ ਗਿੱਲ ਪ੍ਰਧਾਨ, ਗੁਰਮੇਲ ਸਿੰਘ ਗੋਂਦਾਰਾ ਜਨਰਲ ਸਕੱਤਰ, ਗੁਰਮੇਲ ਸਿੰਘ ਖਜ਼ਾਨਚੀ, ਬਲਵਿੰਦਰ ਸਿੰਘ ਪੁਰਬਾ ਸੀਨੀਅਰ ਮੀਤ ਪ੍ਰਧਾਨ, ਮੱਘਰ ਸਿੰਘ ਸੀਨੀਅਰ ਮੀਤ ਪ੍ਰਧਾਨ, ਲਖਵਿੰਦਰ ਸਿੰਘ, ਕਮਲੇਸ਼ ਕੁਮਾਰ, ਸੰਤੋਖ ਸਿੰਘ, ਨਾਇਬ ਸਿੰਘ ਮੱਲੀ, ਪ੍ਰਸ਼ੋਤਮ ਸਿੰਘ, ਗੁਰਮੀਤ ਸਿੰਘ ਸੰਘਾ ,ਪਦਾਰਥ ਸਿੰਘ, ਰੂਪ ਸਿੰਘ, ਨਾਇਬ ਸਿੰਘ,ਹਰੀ ਸਿੰਘ, ਬਲਦੇਵ ਸਿੰਘ ਸਮਾਲਸਰ, ਮੋਹਣ ਸਿੰਘ, ਸੁਖਦੇਵ ਸਿੰਘ ਖੋਸਾ, ਮੱਖਣ ਸਿੰਘ, ਰਸ਼ਪਾਲ ਸਿੰਘ, ਗੁਰਦੋਰ ਸਿੰਘ , ਠਾਣਾ ਸਿੰਘ, ਜਸਵੰਤ ਸਿੰਘ ਭਾਊ , ਗੁਰਮੇਲ ਸਿੰਘ ਰਖਾਲਾ, ਬਲਵਿੰਦਰ ਸਿੰਘ ਖੋਸਾ, ਜਗਰਾਜ ਸਿੰਘ, ਸੁਖਦੇਵ ਸਿੰਘ , ਦਰਸ਼ਨ ਸਿੰਘ ਬਰਾੜ, ਸੁਖਮੰਦਰ ਸਿੰਘ ਬਰਾੜ, ਬਲਦੇਵ ਕੁਮਾਰ, ਮਲਕੀਤ ਸਿੰਘ, ਮੰਗਲ ਪ੍ਰਕਾਸ਼, ਪ੍ਰੀਤਮ ਸਿੰਘ, ਚਮਕੌਰ ਸਿੰਘ ਘੋਲੀਆ, ਮੱਖਣਜੀਤ ਮਾਣੂੰਕੇ, ਸਵਰਨ ਸਿੰਘ ਬਰਾੜ, ਸੁਰਜੀਤ ਸਿੰਘ, ਗੁਰਚਰਨ ਸਿੰਘ ਢਿਪਾਲੀ, ਮੇਹਰ ਸਿੰਘ ਬੁੱਟਰ ਸਾਰੇ ਪਟਵਾਰੀ, ਰਤਨ ਸਿੰਘ ਗਿੱਲ, ਕੇਵਲ ਸਿੰਘ, ਗੁਰਨਾਮ ਸਿੰਘ, ਸੁਖਦੇਵ ਸਿੰਘ ਸੰਧੂ, ਮੁਲਖਰਾਜ, ਗੁਰਮੀਤ ਸਿੰਘ ਘੋਲੀਆ, ਹਰਿੰਦਰਪਾਲ ਸਿੰਘ, ਸੀਤਲ ਕੁਮਾਰ ਐਸ ਕੇ, ਹਰੀਕ੍ਰਿਸ਼ਨ ਸਿੰਘ ਐਸ ਕੇ, ਬਲਦੇਵ ਸਿੰਘ ਨਾਇਬ ਤਹਿਸੀਲਦਾਰ, ਗੁਰਮੇਲ ਸਿੰਘ ਸੇਵਾਦਾਰ ਸ਼ਾਮਲ ਹੋਏ।

Website : www.lokbani.com
lokbani08@gmail.com

# ਬ੍ਰਾਜ਼ੀਲ ‘ਚ ਹੜ੍ਹ ਨੇ ਮਚਾਈ ਤਬਾਹੀ, ਘਰ ਛੱਡਣ ਵਾਲਿਆਂ ਦੀ ਗਿਣਤੀ 3 ਲੱਖ ਤੋਂ ਪਾਰ

ਬ੍ਰਾਸੀਲੀਆ – ਬ੍ਰਾਜ਼ੀਲ ਦੇ ਰੀਓ ਗ੍ਰਾਂਡੇ ਡੋ ਸੁਲ ਸੂਬੇ ‘ਚ ਭਾਰੀ ਮੀਂਹ ਤੋਂ ਬਾਅਦ ਆਏ ਹੜ੍ਹ ਕਾਰਨ ਆਪਣਾ ਸਥਾਈ ਸਥਾਨ ਛੱਡਣ ਵਾਲੇ ਲੋਕਾਂ ਦੀ ਗਿਣਤੀ ਵਧ ਕੇ 3,27,105 ਹੋ ਗਈ ਹੈ। ਸੂਬਾਈ ਸਿਵਲ ਪ੍ਰੋਟੈਕਸ਼ਨ ਸਰਵਿਸ ਨੇ ਸ਼ੁੱਕਰਵਾਰ ਨੂੰ ਕਿਹਾ ਕਿ ਜ਼ਿਆਦਾਤਰ ਵਿਸਥਾਪਿਤ ਲੋਕ ਆਪਣੇ ਦੋਸਤਾਂ ਜਾਂ ਰਿਸ਼ਤੇਦਾਰਾਂ ਦੇ ਘਰਾਂ ਨੂੰ ਚਲੇ ਗਏ ਸਨ, ਜਦੋਂ ਕਿ ਲਗਭਗ 68 ਹਜ਼ਾਰ ਲੋਕਾਂ ਨੇ ਆਸਰਾ ਘਰਾਂ ਵਿੱਚ ਸ਼ਰਨ ਲਈ ਸੀ।

ਤਾਜ਼ਾ ਅੰਕੜਿਆਂ ਅਨੁਸਾਰ ਹੜ੍ਹਾਂ ਕਾਰਨ ਹੁਣ ਤੱਕ ਕਰੀਬ 107 ਲੋਕਾਂ ਦੀ ਮੌਤ ਹੋ ਚੁੱਕੀ



ਹੈ ਅਤੇ 754 ਹੋਰ ਜ਼ਖ਼ਮੀ ਹੋ ਗਏ ਹਨ ਜਦਕਿ 314 ਹੋਰ ਲਾਪਤਾ ਦੱਸੇ ਜਾ ਰਹੇ ਹਨ। 29 ਅਪ੍ਰੈਲ ਨੂੰ, ਭਾਰੀ ਮੀਂਹ ਕਾਰਨ ਰੀਓ ਗ੍ਰਾਂਡੇ ਡੋ ਸੁਲ ਪ੍ਰਾਂਤ ਵਿੱਚ ਹੜ੍ਹ ਆ ਗਏ, ਕਈ ਨੀਵੇਂ ਸਥਾਨਾਂ ਵਿੱਚ ਪਾਣੀ ਭਰ ਗਿਆ। ਗੁਏਬਾ ਨਦੀ ‘ਤੇ ਹੜ੍ਹ, ਜੋ ਰਾਜਧਾਨੀ ਪੋਰਟੋ ਅਲੇਗਰੇ ਵਿੱਚੋਂ ਵਗਦਾ ਹੈ, 1941 ਵਿੱਚ ਆਇਆ ਸੀ, ਜੋ ਹੁਣ ਤੱਕ ਦਾ ਸਭ ਤੋਂ ਭਿਆਨਕ ਹੜ੍ਹ ਹੈ। ਜ਼ਿਕਰਯੋਗ ਹੈ ਕਿ ਇਸ ਆਫਤ ਨਾਲ 14 ਲੱਖ ਲੋਕ ਪ੍ਰਭਾਵਿਤ ਹੋਏ ਹਨ। ਪੋਰਟੋ ਅਲੇਗਰੇ ਵਿੱਚ, ਅੰਤਰਰਾਸ਼ਟਰੀ ਹਵਾਈ ਅੱਡੇ ਨੂੰ ਹੜ੍ਹ ਕਾਰਨ ਅਣਮਿੱਥੇ ਸਮੇਂ ਲਈ ਬੰਦ ਕਰ ਦਿੱਤਾ ਗਿਆ ਹੈ।

## ਅਣਪਛਾਤੇ ਹਥਿਆਰਬੰਦ ਵਿਅਕਤੀਆਂ ਨੇ ਮਾਂ ਤੇ 2 ਬੱਚਿਆਂ ਦੀ ਕੀਤੀ ਹੱਤਿਆ

ਕਾਬੁਲ – ਪੂਰਬੀ ਅਫਗਾਨਿਸਤਾਨ ਦੇ ਕਪੀਸਾ ਸੂਬੇ ਦੀ ਸੂਬਾਈ ਰਾਜਧਾਨੀ ਮਹਿਮੂਦ-ਏ-ਰਾਕੀ ਸ਼ਹਿਰ ਵਿਚ ਅਣਪਛਾਤੇ ਹਥਿਆਰਬੰਦ ਵਿਅਕਤੀਆਂ ਨੇ ਇਕ ਮਾਂ ਅਤੇ ਉਸ ਦੇ ਦੋ ਬੱਚਿਆਂ ਸਮੇਤ ਤਿੰਨ ਲੋਕਾਂ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ। ਇਹ ਘਟਨਾ ਵੀਰਵਾਰ ਸ਼ਾਮ ਨੂੰ ਸ਼ਹਿਰ ਦੇ ਪੁਲਿਸ ਜ਼ਿਲ੍ਹਾ 1 ਵਿੱਚ ਵਾਪਰੀ, ਜਦੋਂ ਅਣਪਛਾਤੇ ਹਥਿਆਰਬੰਦ ਵਿਅਕਤੀਆਂ ਨੇ ਇੱਕ ਮਾਂ ਅਤੇ ਉਸਦੇ ਦੋ ਬੱਚਿਆਂ ‘ਤੇ ਗੋਲੀਬਾਰੀ ਕਰ ਦਿੱਤੀ, ਜਿਸ ਨਾਲ ਤਿੰਨਾਂ ਦੀ ਮੌਕੇ ‘ਤੇ ਹੀ ਮੌਤ ਹੋ ਗਈ ਅਤੇ ਖੇਤਰ ਤੋਂ ਫਰਾਰ ਹੋ ਗਏ।

ਅਧਿਕਾਰੀ ਨੇ ਦੱਸਿਆ ਕਿ ਪੁਲਸ ਨੇ ਦੋਸ਼ੀਆਂ ਨੂੰ ਨਿਆਂ ਦੇ ਕਟਹਿਰੇ ਵਿੱਚ ਲਿਆਉਣ ਲਈ ਤਲਾਸ਼ੀ ਮੁਹਿੰਮ ਸ਼ੁਰੂ ਕਰ ਦਿੱਤੀ ਹੈ। ਕਿਸੇ ਵੀ ਸਮੂਹ ਜਾਂ ਵਿਅਕਤੀ ਨੇ ਇਸ ਘਾਤਕ ਹਮਲੇ ਦੀ ਜ਼ਿੰਮੇਵਾਰੀ ਨਹੀਂ ਲਈ ਹੈ।

## ਪੁਤਿਨ ਨੇ ਮਿਸ਼ੁਸਟੀਨ ਨੂੰ ਰੂਸ ਦਾ ਪ੍ਰਧਾਨ ਮੰਤਰੀ ਕੀਤਾ ਨਿਯੁਕਤ, ਹੇਠਲੇ ਸਦਨ ਨੂੰ ਭੇਜਿਆ ਨਾਮ

ਮਾਸਕੋ – ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਸਾਬਕਾ ਰਾਸ਼ਟਰਪਤੀ ਮਿਖਾਇਲ ਮਿਸ਼ੁਸਤੀਨ ਨੂੰ ਦੇਸ਼ ਦੇ ਪ੍ਰਧਾਨ ਮੰਤਰੀ ਵਜੋਂ ਮੁੜ ਨਿਯੁਕਤ ਕੀਤਾ ਹੈ ਅਤੇ ਉਨ੍ਹਾਂ ਦਾ ਨਾਂ ਮਨਜ਼ੂਰੀ ਲਈ ਸੰਸਦ ਦੇ ਹੇਠਲੇ ਸਦਨ ਨੂੰ ਭੇਜ ਦਿੱਤਾ ਹੈ। ਰੂਸੀ ਕਾਨੂੰਨ ਅਨੁਸਾਰ 58 ਸਾਲਾ ਮਿਸ਼ੁਸਟੀਨ ਨੇ ਮੰਗਲਵਾਰ ਨੂੰ ਆਪਣੇ ਮੰਤਰੀ ਮੰਡਲ ਦਾ ਅਸਤੀਫੇ ਸੌਂਪ ਦਿੱਤਾ ਕਿਉਂਕਿ ਪੁਤਿਨ ਨੇ ਰਾਸ਼ਟਰਪਤੀ ਵਜੋਂ ਆਪਣਾ ਪੰਜਵਾਂ ਕਾਰਜਕਾਲ ਸ਼ੁਰੂ ਕੀਤਾ ਸੀ।

ਮਿਸ਼ੁਸਤੀਨ ਪਿਛਲੇ ਚਾਰ ਸਾਲਾਂ ਤੋਂ ਪ੍ਰਧਾਨ ਮੰਤਰੀ ਦੇ ਅਹੁਦੇ ‘ਤੇ ਸਨ। ਹਾਲਾਂਕਿ ਰਾਜਨੀਤਿਕ ਮਾਹਰਾਂ ਨੇ ਮਿਸ਼ੁਸਟੀਨ ਨੂੰ ਦੁਬਾਰਾ ਨਿਯੁਕਤ ਕੀਤੇ ਜਾਣ ਦੀ ਉਮੀਦ ਕੀਤੀ ਸੀ। ਉਸ ਦਾ ਮੰਨਣਾ ਹੈ ਕਿ ਪੁਤਿਨ ਨੂੰ ਉਸ ਦੇ ਹੁਨਰ ਅਤੇ ਲਾਈਮਲਾਈਟ ਤੋਂ ਦੂਰੀ ਪਸੰਦ ਹੈ। ਰੂਸ ਦੀ ਟੈਕਸ ਸੇਵਾ ਦੇ ਸਾਬਕਾ ਮੁਖੀ ਮਿਸ਼ੁਸਤੀਨ ਆਪਣੇ ਪਿਛਲੇ ਕਾਰਜਕਾਲ ਦੌਰਾਨ ਸਿਆਸੀ ਬਿਆਨਬਾਜ਼ੀ ਤੋਂ ਦੂਰ ਰਹੇ ਅਤੇ ਮੀਡੀਆ ਨੂੰ ਇੰਟਰਵਿਊ ਵੀ ਨਹੀਂ ਦਿੱਤੇ।

ਸੰਸਦ ਦੇ ਹੇਠਲੇ ਸਦਨ ਦੇ ਸਪੀਕਰ ਵੀ ਵੋਲੋਡਿਨ ਨੇ ਘੋਸ਼ਣਾ ਕੀਤੀ ਕਿ ਪੁਤਿਨ ਨੇ ਮਿਸ਼ੁਸਟੀਨ ਦੀ ਉਮੀਦਵਾਰੀ ਸਟੇਟ ਡੂਮਾ ਨੂੰ ਪੇਸ਼ ਕੀਤੀ ਹੈ। ਸ਼ੁੱਕਰਵਾਰ ਨੂੰ ਦੇਰ ਸ਼ਾਮ ਸੈਸ਼ਨ ਹੋਵੇਗਾ ਅਤੇ ਇਸ ‘ਤੇ ਚਰਚਾ ਕੀਤੀ ਜਾਵੇਗੀ। 2020 ਵਿੱਚ ਦੇਸ਼ ਵਿੱਚ ਪ੍ਰਵਾਨਿਤ ਸੰਵਿਧਾਨਕ ਤਬਦੀਲੀ ਦੇ ਤਹਿਤ ਹੇਠਲਾ ਸਦਨ ਪ੍ਰਧਾਨ ਮੰਤਰੀ ਦੀ ਉਮੀਦਵਾਰ ਦੀ ਮਨਜ਼ੂਰੀ ਦਿੰਦਾ ਹੈ।

## ਗਾਜ਼ਾ ਦੇ ਰਫਾਹ ਸ਼ਹਿਰ ‘ਚ ਇਜ਼ਰਾਇਲੀ ਹਮਲਿਆਂ ਕਾਰਨ 110,000 ਲੋਕ ਬੇਘਰ

ਗਾਜ਼ਾ (ਯੂਐਨਆਈ): ਸੰਯੁਕਤ ਰਾਸ਼ਟਰ ਦੀ ਏਜੰਸੀ (ਯੂ.ਐਨ.ਆਰ.ਡਬਲਯੂ.ਏ) ਨੇ ਸ਼ੁੱਕਰਵਾਰ ਨੂੰ ਕਿਹਾ ਕਿ ਦੱਖਣੀ ਗਾਜ਼ਾ ਪੱਟੀ ਦੇ ਰਫਾਹ ਸ਼ਹਿਰ ਵਿੱਚ ਇਜ਼ਰਾਈਲੀ ਫੌਜੀ ਕਾਰਵਾਈ ਕਾਰਨ ਲਗਭਗ 110,000 ਲੋਕ ਬੇਘਰ ਹੋਏ ਹਨ। UNRWA ਨੇ ਇੱਕ ਵਾਰ ਫਿਰ ਖੇਤਰ ਵਿੱਚ ਤੁਰੰਤ ਜੰਗਬੰਦੀ ਦੀ ਅਪੀਲ ਕੀਤੀ ਹੈ। ਏਜੰਸੀ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ ‘ਤੇ ਕਿਹਾ, “ਜਿਵੇਂ ਕਿ ਇਜ਼ਰਾਈਲੀ ਬਲਾਂ ਨੇ ਰਫਾਹ ‘ਤੇ ਆਪਣੀ ਬੰਬਾਰੀ ਤੇਜ਼ ਕਰ ਦਿੱਤੀ ਹੈ, ਲੋਕਾਂ ਨੂੰ ਵਿਸਥਾਪਿਤ ਹੋਣਾ ਪੈ ਰਿਹਾ ਹੈ।“

UNRWA ਦਾ ਅੰਦਾਜ਼ਾ ਹੈ ਕਿ ਲਗਭਗ 110,000 ਲੋਕ ਸੁਰੱਖਿਆ ਦੀ ਭਾਲ ਲਈ ਰਫਾਹ ਤੋਂ ਭੱਜ ਗਏ ਹਨ। ਪਰ ਉਹ ਗਾਜ਼ਾ ਪੱਟੀ ਵਿੱਚ ਕਿਤੇ ਵੀ ਸੁਰੱਖਿਅਤ ਨਹੀਂ ਹਨ ਅਤੇ ਨਾ ਹੀ ਉਨ੍ਹਾਂ ਕੋਲ ਰਹਿਣ ਲਈ ਕੋਈ ਥਾਂ ਹੈ। ਇਸ ਸਥਿਤੀ ਵਿੱਚ ਇੱਕੋ ਇੱਕ ਉਮੀਦ ਤੁਰੰਤ ਜੰਗਬੰਦੀ ਹੈ। ਇਜ਼ਰਾਈਲੀ ਫੌਜ ਨੇ ਸੋਮਵਾਰ ਤੋਂ ਮੰਗਲਵਾਰ ਦੀ ਰਾਤ ਨੂੰ ਰਫਾਹ ਦੇ ਪੂਰਬੀ ਹਿੱਸਿਆਂ ਵਿੱਚ ਇੱਕ ਫੌਜੀ ਕਾਰਵਾਈ ਸ਼ੁਰੂ ਕੀਤੀ ਅਤੇ ਮਿਸਰ ਦੇ ਨਾਲ ਰਫਾਹ ਕਰਾਸਿੰਗ ਦੇ ਗਾਜ਼ਾ ਵਾਲੇ ਪਾਸੇ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ। ਹਮਾਸ ਨੇ ਕਿਹਾ ਕਿ ਉਹ ਮਿਸਰ ਅਤੇ ਕਤਾਰੀ ਵਿਚੋਲੇ ਦੁਆਰਾ ਪ੍ਰਸਤਾਵਿਤ ਜੰਗਬੰਦੀ ਸਮਝੌਤੇ ਦੇ ਪ੍ਰਬੰਧਾਂ ਲਈ ਸਹਿਮਤ ਹੋ ਗਿਆ ਸੀ, ਪਰ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਜੰਗਬੰਦੀ ਸਮਝੌਤੇ ਨੂੰ ਸਵੀਕਾਰ ਨਹੀਂ ਕੀਤਾ ਹੈ।

ਅਨੁਮਾਨਿਤ ਅੰਕੜਿਆਂ ਮੁਤਾਬਕ ਰਫਾਹ ‘ਚ 10 ਲੱਖ ਤੋਂ ਜ਼ਿਆਦਾ ਲੋਕ ਸ਼ਰਨ ਲੈ ਰਹੇ ਹਨ। ਪੋਲੀਟਿਕੋ ਅਖ਼ਬਾਰ ਨੇ ਵੀਰਵਾਰ ਨੂੰ ਸੂਤਰਾਂ ਦਾ ਹਵਾਲਾ ਦਿੰਦੇ ਹੋਏ ਰਿਪੋਰਟ ਦਿੱਤੀ ਕਿ ਕਾਹਿਰਾ ਵਿੱਚ ਇਜ਼ਰਾਈਲ ਅਤੇ ਹਮਾਸ ਦਰਮਿਆਨ ਜੰਗਬੰਦੀ ਨੂੰ ਮੁਅੱਤਲ ਕਰ ਦਿੱਤਾ ਗਿਆ ਸੀ, ਜਿਸ ਵਿੱਚ ਰਫਾਹ ਵਿੱਚ ਇਜ਼ਰਾਈਲ ਦੀ ਫੌਜੀ ਕਾਰਵਾਈ ਵੀ ਸ਼ਾਮਲ ਹੈ। ਜ਼ਿਕਰਯੋਗ ਹੈ ਕਿ ਹਮਾਸ ਨੇ 7 ਅਕਤੂਬਰ 2023 ਨੂੰ ਇਜ਼ਰਾਈਲ ‘ਤੇ ਭਾਰੀ ਰਾਕੇਟ ਹਮਲਾ ਕੀਤਾ ਸੀ ਅਤੇ ਸਰਹੱਦ ਦੀ ਉਲੰਘਣਾ ਕੀਤੀ ਸੀ। ਹਮਲੇ ਦੌਰਾਨ ਇਜ਼ਰਾਈਲ ਵਿੱਚ ਲਗਭਗ 1,200 ਲੋਕ ਮਾਰੇ ਗਏ ਸਨ ਅਤੇ ਲਗਭਗ 240 ਹੋਰਾਂ ਨੂੰ ਅਗਵਾ ਕਰਕੇ ਬੰਧਕ ਬਣਾ ਲਿਆ ਗਿਆ ਸੀ। ਇਜ਼ਰਾਈਲ ਨੇ ਜਵਾਬੀ ਹਮਲੇ ਸ਼ੁਰੂ ਕੀਤੇ, ਗਾਜ਼ਾ ਦੀ ਪੂਰੀ ਨਾਕਾਬੰਦੀ ਦਾ ਆਦੇਸ਼ ਦਿੱਤਾ ਅਤੇ ਹਮਾਸ ਦੇ ਲੜਾਕਿਆਂ ਨੂੰ ਖ਼ਤਮ ਕਰਨ ਅਤੇ ਬੰਧਕਾਂ ਨੂੰ ਬਚਾਉਣ ਦੇ ਟੀਚੇ ਦੇ ਨਾਲ ਫਲਸਤੀਨੀ ਖੇਤਰ ਵਿੱਚ ਜ਼ਮੀਨੀ ਘੁਸਪੈਠ ਸ਼ੁਰੂ ਕਰ ਦਿੱਤੀ।

# ਭਰਿਸ਼ਟਾਚਾਰ ਵਿਰੋਧੀ ਫਰੰਟ ਦੀ ਮਾਸਿਕ ਇਕੱਤਰਤਾ ਵਿੱਚ ਹੋਈ ਗੰਭੀਰ ਮਸਲਿਆਂ ਤੇ ਚਰਚਾ

ਮਾਛੀਵਾੜਾ ਸਾਹਿਬ – ਸੁੱਚਾ ਬੰਗੜ, ਭਰੋਸਾ ਚਾਰ ਵਿਰੋਧੀ ਫਰੰਟ ਰੈਸਟੋਰੈਂਟ ਮਾਛੀਵਾੜਾ ਦੀ ਮਾਸਿਕ ਇਕੱਤਰਤਾ ਸੀਨੀਅਰ ਮੀਤ ਪ੍ਰਧਾਨ ਹਰਵਿੰਦਰ ਸਿੰਘ ਗਿੱਲ ਦੀ ਅਗਵਾਈ ਵਿੱਚ ਹੋਈ ਜਿਸ ਵਿੱਚ ਮੌਜੂਦ ਮੈਂਬਰਾਂ ਵੱਲੋਂ ਗੰਭੀਰ ਮਸਲਿਆਂ ਤੇ ਖੁੱਲ੍ਹ ਕੇ ਵਿਚਾਰ ਚਰਚਾ ਕੀਤੀ ਗਈ ਅਤੇ ਇਹ ਨਿਰਨਾ ਲਿਆ ਗਿਆ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਮਾਛੀਵਾੜਾ ਵਿਖੇ ਅਧਿਆਪਕਾਂ ਦੀ ਘਾਟ ਸਬੰਧੀ ਸਰਕਾਰ ਪਹਿਲਾਂ ਵੀ ਜੋ ਲਿਖਤੀ ਦਿੱਤਾ ਗਿਆ ਹੈ ਉਸ ਨੂੰ ਦੁਬਾਰਾ ਤੋਂ ਫਿਰ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ ਜਿਸ ਸਬੰਧੀ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨਾਲ ਵੀ



ਗੱਲਬਾਤ ਕੀਤੀ ਜਾਵੇਗੀ। ? ਕਿਉਂਕਿ ਸਰਕਾਰੀ ਸਕੂਲ( ਲੜਕੇ) ਵਿੱਚ ਅਧਿਆਪਕਾਂ ਦੀ ਵੱਡੀ ਘਾਟ ਹੈ ਪਰ ਬਾਵਜੂਦ ਇਸ ਦੇ ਅਧਿਆਪਕਾਂ ਵੱਲੋਂ ਸਖਤ ਮਿਹਨਤ ਕਰਾਉਂਦਿਆਂ ਹਰ ਸਾਲ ਸ਼ਾਨਦਾਨ ਨਤੀਜੇ ਦਿੱਤੇ ਜਾ ਰਹੇ ਹਨ ,ਜੋ ਇੱਕ ਸ਼ਲਾਘਾਯੋਗ ਗੱਲ ਹੈ। ਇਸ ਤੋਂ ਇਲਾਵਾ ਮਾਛੀਵਾੜਾ ਸਾਹਿਬ ਵਿੱਚ ਸਥਿਤ ਸਿਵਲ ਹਸਪਤਾਲ ਵਿੱਚ ਡਾਕਟਰ ਅਤੇ ਪਹਿਰਾ ਸਟਾਫ ਦੀ ਵੱਡੀ ਘਾਟ ਹੈ ਜਿਸ ਲੇ ਲੋਕਾਂ ਨੂੰ ਪ੍ਰਾਈਵੇਟ ਹਸਪਤਾਲਾਂ ਵਿੱਚ ਜਾਣ ਦੇ ਮਜਬੂਰ ਹੋਣਾ ਪੈਂਦਾ ਇਸ ਲਈ ਸਰਕਾਰ ਨੂੰ ਲਿਖਤੀ ਰੂਪ ਵਿੱਚ ਬੇਨਤੀ ਪੱਤਰ ਦਿੱਤਾ ਜਾਵੇਗਾ ਕਿ ਹਸਪਤਾਲ ਵਿੱਚ ਪੈਰਾ ਸਟਾਫ ਦੇ ਨਾਲ ਨਾਲ ਡਾਕਟਰਾਂ ਦੀਆਂ ਖਾਲੀ ਪੋਸਟਾਂ ਨੂੰ ਵੀ ਤੁਰੰਤ ਭਰਿਆ ਜਾਵੇ। ਕੁਝ ਅਦਾਰਿਆਂ ਵਿੱਚ ਹਿੰਦੀ ਨੂੰ ਪਹਿਲੀ ਭਾਸ਼ਾ ਦੇ ਤੌਰ ਤੇ ਪੜ੍ਹਾਈ ਜਾਣ ਦਾ ਵੀ ਇਕਾਈ ਵੱਲੋਂ ਸਖਤ ਨੋਟਿਸ ਲਿਆ ਗਿਆ ਅਤੇ ਵਿਚਾਰ ਪਾਸ ਕੀਤਾ ਗਿਆ ਕਿ ਉੱਥੇ ਸਰਕਾਰ ਨੂੰ ਸਖਤ ਕਾਰਵਾਈ ਕਰਨ ਤੇ ਪੰਜਾਬੀ ਭਾਸ਼ਾ ਨੂੰ ਪ੍ਰਫੁਲਤ ਕਰਨ ਲਈ ਲੋੜੀਂਦੇ ਕਦਮ ਚੁੱਕਣ ਲਈ ਬੇਨਤੀ ਪੱਤਰ ਦਿੱਤਾ ਜਾਵੇਗਾ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਹਰਵਿੰਦਰ ਸਿੰਘ ਗਿੱਲ ,ਜਗਮੋਹਨ ਸਿੰਘ ਰਹੀਮਾਬਾਦ ,ਕੇਵਲ ਸਿੰਘ ਹੈਡੋਂ ਬੇਟ, ਮਾਸਟਰ ਬਖਸ਼ੀ ਰਾਮ ਚੋਪੜਾ, ਹਰਪ੍ਰੀਤ ਸਿੰਘ ਹੈਡੋਂ ਬੇਟ, ਬਹਾਦਰ ਸਿੰਘ ਔਜਲਾ, ਸੁਰਿੰਦਰ ਸਿੰਘ ਗਿੱਲ, ਸੁਭਾਸ਼ ਚੰਦਰ ਨਾਗਪਾਲ ,ਰਾਜਨ ਸੂਦ ,ਬਲਦੇਵ ਸਿੰਘ, ਜਗੀਰ ਸਿੰਘ ਲੌਂਗੀਆ, ਦਰਸ਼ਨ ਸਿੰਘ ਰਾਣਵਾਂ, ਰਜਿੰਦਰ ਸਿੰਘ ਸਮਰਾਲਾ ਵੀ ਮੌਜੂਦ ਸਨ।

# ਬੇੜੀ ਰਾਹੀਂ ਸਤਲੁਜ ਦਰਿਆ ਪਾਰ ਕਰ ਸਵੀਪ ਟੀਮ ਪਹੁੰਚੀ ਕਾਲੂ ਵਾਲਾ ਟਾਪੂ

ਫ਼ਿਰੋਜ਼ਪੁਰ, ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ਼੍ਰੀ ਰਾਜੇਸ਼ ਧੀਮਾਨ ਦੀਆਂ ਹਦਾਇਤਾਂ ਅਨੁਸਾਰ ਸਵੀਪ ਪ੍ਰੋਗਰਾਮ ਤਹਿਤ ਵੋਟਰ ਜਾਗਰੂਕਤਾ ਮੁਹਿਮ ਹਿੰਦ-ਪਾਕਿ ਸਰਹੱਦ ਦੇ ਨਜ਼ਦੀਕ ਸਤਲੁਜ ਦਰਿਆ ਦੇ ਕੰਢੇ ‘ਤੇ ਸਥਿਤ 14 ਪਿੰਡਾਂ ਵਿੱਚ ਪਹੁੰਚੀ। ਬੇੜੀ ਰਾਹੀਂ ਸਤਲੁਜ ਦਰਿਆ ਪਾਰ ਕਰਕੇ ਸਵੀਪ ਟੀਮ ਵਿਸ਼ੇਸ਼ ਤੌਰ ‘ਤੇ ਜ਼ੀਰੋ ਲਾਇਨ ਦੇ ਬਿਲਕੁਲ ਨਜ਼ਦੀਕ ਟਾਪੂ ਨੁਮਾ ਪਿੰਡ ਕਾਲੂ ਵਾਲਾ ਵੀ ਪਹੁੰਚੀ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਡਾ. ਸਤਿੰਦਰ ਸਿੰਘ ਜ਼ਿਲ੍ਹਾ ਸਵੀਪ ਕੋਆਰਡੀਨੇਟਰ ਨੇ ਦੱਸਿਆ ਕਿ ਹੁਸੈਨੀਵਾਲਾ ਸ਼ਹੀਦੀ ਸਮਾਰਕ ਦੇ ਨਾਲ ਲੱਗਦੇ ਪਿੰਡਾਂ ਵਿੱਚ ਜਿੱਥੇ ਵੋਟਰਾਂ ਨੂੰ ਲੋਕ ਸਭਾ ਚੋਣਾਂ 2024 ਲਈ ਵੱਧ ਤੋਂ ਵੱਧ ਵੋਟ ਦੇ ਹੱਕ ਦਾ ਇਸਤੇਮਾਲ ਕਰਨ ਲਈ ਪ੍ਰੇਰਿਤ ਕੀਤਾ ਗਿਆ, ਉੱਥੇ ਹੀ ਚੋਣਾਂ ਦੌਰਾਨ ਬਿਨਾਂ ਕਿਸੇ ਲਾਲਚ, ਡਰ ਅਤੇ ਲੜਾਈ-ਝਗੜੇ ਤੋਂ ਨਸ਼ਾ ਮੁਕਤ ਚੋਣਾਂ ਕਰਵਾ ਕੇ ਚੋਣ ਦੀ ਗਰਿਮਾ ਨੂੰ ਬਣਾਈ ਰੱਖਣ ਲਈ ਵੀ ਪ੍ਰੇਰਿਤ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ 01 ਜੂਨ ਨੂੰ ਹੋਣ ਜਾ ਰਹੀਆਂ ਲੋਕ ਸਭਾ ਚੋਣਾਂ ਵਿੱਚ ਪੋਲ



ਪ੍ਰਤੀਸ਼ਤ ਵਧਾਉਣ ਲਈ ਹਰ ਸੰਭਵ ਯਤਨ ਕੀਤੇ ਜਾ ਰਹੇ ਹਨ। ਜਿਸ ਤਹਿਤ ਦੂਰ-ਦੁਰਾਡੇ ਦੇ ਵੋਟਰਾਂ ਤੱਕ ਵੀ ਪਹੁੰਚ ਕਰਕੇ ਪ੍ਰੇਰਿਤ ਕੀਤਾ ਜਾ ਰਿਹਾ ਹੈ। ਸਵੀਪ ਟੀਮ ਦੇ ਮੈਂਬਰ ਲਖਵਿੰਦਰ ਸਿੰਘ ਕੋਆਰਡੀਨੇਟਰ 076 ਫ਼ਿਰੋਜ਼ਪੁਰ ਸ਼ਹਿਰੀ, ਰਜਿੰਦਰ ਕੁਮਾਰ ਮੀਡੀਆ ਕੋਆਰਡੀਨੇਟਰ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੱਟੀ ਰਾਜੋ ਕੇ ਦੇ ਰਾਸ਼ਟਰੀ ਸੇਵਾ ਯੋਜਨਾ ਯੂਨਿਟ ਦੇ ਵਲੰਟੀਅਰਜ਼ ਅਤੇ ਇਲੈਕਟਰੋਲ ਲਿਟਰੇਸੀ ਕਲੱਬ ਦੇ ਮੈਂਬਰਾਂ ਨੇ ਪਿੰਡ ਗੱਟੀ ਰਾਜੋ ਕੇ, ਟੇਂਡੀਵਾਲਾ ਅਤੇ ਕਾਲੂਵਾਲਾ ਟਾਪੂ ਦੇ ਘਰ-ਘਰ ਪਹੁੰਚ ਕੇ ਵੋਟਰਾਂ ਨੂੰ ਜਾਗਰੂਕ ਕੀਤਾ ਤੇ ਵੋਟ ਦਾ ਮਹੱਤਵ ਸਮਝਾਇਆ। ਇਸ ਉਪਰੰਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੱਟੀ ਰਾਜੋ ਕੇ ਵਿੱਚ ਆਯੋਜਿਤ ਵੋਟਰ ਜਾਗਰੂਕਤਾ ਪ੍ਰੋਗਰਾਮ ਵਿੱਚ ਸਕੂਲ ਵਿਦਿਆਰਥੀਆਂ ਨੇ ਦਿਲ ਖਿੱਚਵੇਂ ਪੋਸਟਰ ਬਣਾ ਕੇ ਵੋਟਰ ਜਾਗਰੂਕਤਾ ਦਾ ਸੰਦੇਸ਼ ਦਿੱਤਾ ਅਤੇ ਲੋਕਾਂ ਨੂੰ ਪ੍ਰੇਰਿਤ ਕੀਤਾ ਕਿ ਉਹ ਨਿਡਰ ਹੋ ਕੇ ਧਰਮ, ਵਰਗ, ਜਾਤ, ਭਾਈਚਾਰੇ ਭਾਸ਼ਾ ਜਾਂ ਕਿਸੇ ਹੋਰ ਲਾਲਚ ਦੇ ਪ੍ਰਭਾਵ ਤੋਂ ਬਿਨਾਂ ਆਪਣੇ ਵੋਟ ਦੇ ਹੱਕ ਦਾ ਇਸਤੇਮਾਲ ਕਰਨ ਅਤੇ ਲੋਕਤੰਤਰ ਨੂੰ ਮਜ਼ਬੂਤ ਕਰਨ। ਇਸ ਮੌਕੇ ਇਲਾਕਾ ਨਿਵਾਸੀਆਂ ਨੂੰ ਵੱਧ ਤੋਂ ਵੱਧ ਵੋਟਾਂ ਪਾਉਣ ਅਤੇ ਨਸ਼ਾ ਮੁਕਤ ਚੋਣਾਂ ਲਈ ਸਹਿਯੋਗ ਦੀ ਅਪੀਲ ਕੀਤੀ ਗਈ। ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਚਾਂਦ ਪ੍ਰਕਾਸ਼ ਚੋਣ ਤਹਿਸੀਲਦਾਰ, ਗਗਨਦੀਪ ਕੌਰ ਚੋਣ ਕਾਨੂੰਗੋ, ਲਖਵਿੰਦਰ ਸਿੰਘ ਕੋਆਰਡੀਨੇਟਰ, ਪ੍ਰਿਅੰਕਾ ਜੋਸ਼ੀ ਪ੍ਰੋਗਰਾਮ ਅਫ਼ਸਰ ਐਨ.ਐਸ.ਐਸ., ਵਿਸ਼ਾਲ ਗੁਪਤਾ, ਕੰਚਨ ਬਾਲਾ, ਮਲਕੀਤ ਸਿੰਘ ਵਲੰਟੀਅਰ, ਬਲਜੀਤ ਕੌਰ ਅਤੇ ਸਕੂਲ ਦੇ ਸਮੂਹ ਸਟਾਫ਼ ਨੇ ਵੱਡਮੁੱਲਾ ਯੋਗਦਾਨ ਪਾਇਆ।

St. Soldier
GROUP OF INSTITUTIONS
SINCE 1958
EDUCATIONAL 64 YEARS EXCELLENCE
MORE THAN
• 56 Colleges & Schools • 200 Merit Positions
• 125 Companies For Placements
• 75 Academic Courses
• 2000 Placements In 2022 - 2023
• 42000 Students From All Over India
CANADIAN PATHWAY PROGRAMS

FREE BUS SERVICE FOR ALL COLLEGE STUDENTS FOR ALL ROUTES
ENGINEERING (B.Tech - M.Tech*)
• Mechanical Engg.* • Electrical Engg. • Civil Engg. • Computer Science Engg.* • Tool Engg. • B.Voc Hardware and Networking • Electronics & Comm. Engg. • Automobile Engg.
HOTEL MANAGEMENT
• B.Sc (H&HA) Hospitality and Hotel Administration • BHMCT Hotel Management & Catering Technology • BTTM Tourism and Travel Management • MHMCT Masters in Hotel Management and Catering Technology • One Year Courses (Food Production, Bakery, F&B Services, Front Office)
MANAGEMENT & COMMERCE
• MBA • BBA • B.Sc. (Cyber Security) • M.Com.(Prof.) • BCom. (Reg/Prof.)
DEGREE COURSES
• BA • B.Com. • BBA • D.C.A. • PGDCA • BCA / B.Sc. (IT)

PARAMEDICAL COURSES
• M.Pharmacy • B.Pharmacy • B. Sc. MLS • D.Pharmacy • Diploma in MLT • M.Sc MLS • Bachelor of Physiotherapy • MSC (Medical Microbiology, Biochemistry) • BSC Medical Technology - Anesthesia & Operation Theater* • BSC Operation Theater Technology* • BSC Radiology and Imaging Technology*
POLYTECHNIC DIPLOMA
IN JALANDHAR & CHABBEWAL HOSHIARPUR
• Tool & Die Making • Electronics & Comm. Engg. • Civil Engg. • Mechanical, Electrical, Computer Engg. • Automobile Engg. • Mechatronics Diploma in Polytechnic • Diploma in Architectural Assistance Ship
MEDIA & FASHION
• B.Sc. Fashion Technology • B.Sc. Mass Comm. & Journalism • B.Sc. Multimedia
INFORMATION TECHNOLOGY
• MCA • BCA • BSc.IT • PGDCA • DCA

LAW
• BA.LLB. • B.COM. LLB • BBA.LLB. • LLB
• PG DIPLOMA IN CYBER LAW
TEACHER / PHYSICAL EDUCATION
• BPES • B.Ed. • D.El.Ed. • B.P.Ed. • D.P.Ed
NURSING TRAINING
• General Nursing & Midwifery (GNM)
ARCHITECTURE
• B. Architecture
/stsoldiergroup
www.stsoldiergroup.com

INDUSTRIAL TRAINING INSTITUTE
• Electrician • COPA • Welder • Carpenter • Plumber • Vehicle Motor Mechanic • Architecture Draftsman • Diesel Mechanic • Refrigeration & AC
PMKVY
LATERAL ENTRY ADMISSION INTO SECOND YEAR AVAILABLE
Now ANIMATION & SOCIAL MEDIA Courses Available
CORP. OFFICE : 680-L MODEL TOWN, JALANDHAR.
M: 9814003681 | 9814003652 | 9814345025 | 9914464565

# ਭਗਵਾਨ ਸ਼੍ਰੀ ਪਰਸ਼ੂਰਾਮ ਜੀ ਦਾ ਜਨਮ ਉਤਸਵ ਮਨਾਇਆ



ਰਾਮਾਂ ਮੰਡੀ, - ਸਥਾਨਕ ਭਗਵਾਨ ਪਰਸ਼ੂਰਾਮ ਬ੍ਰਾਹਮਣ ਸਭਾ ਵੱਲੋਂ ਭਗਵਾਨ ਪਰਸ਼ੂਰਾਮ ਜੀ ਦੀ ਜਯੰਤੀ ਸ਼੍ਰੀ ਗੀਤਾ ਭਵਨ ਰਾਮਾਂ ਮੰਡੀ ਵਿਖੇ ਪੂਰੀ ਸ਼ਰਧਾ ਨਾਲ ਮਨਾਈ ਗਈ। ਇਸ ਦੌਰਾਨ ਸੁੰਦਰ ਕਾਂਡ ਪਾਠ ਦਾ ਭੋਗ ਪਾਇਆ ਗਿਆ। ਪੂਜਨ ਦੀ ਰਸਮ ਲਾਭ ਸ਼ਰਮਾ ਮੈਨੇਜਰ ਐਸਐਸਡੀ ਧਰਮਸ਼ਾਲਾ ਨੇ ਅਦਾ ਕੀਤੀ।ਸਮਾਗਮ ਵਿੱਚ ਸ਼੍ਰੀ ਸ਼੍ਰੀ 1008 ਮਹਾਂਮੰਡਲੇਸ਼ਵਰ ਸਵਾਮੀ ਸੁਰੇਸ਼ ਮੁਨੀ ਜੀ ਮਹਾਰਾਜ ਹਰਿਦੁਆਰ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚੇ। ਸਵਾਮੀ ਜੀ ਤੋਂ ਇਲਾਵਾ ਲੋਕਸਭਾ ਹਲਕਾ ਬਠਿੰਡਾ ਤੋਂ ਭਾਜਪਾ ਉਮੀਦਵਾਰ ਸ੍ਰੀਮਤੀ ਪਰਮਪਾਲ ਕੌਰ ਸਿੱਧੂ ਅਤੇ ਓਮ ਸ਼ਾਂਤੀ ਭਵਨ ਦੀ ਸੰਚਾਲਿਕਾ ਬ੍ਰਹਮਕੁਮਾਰੀ ਮਧੂ ਦੀਦੀ ਨੇ ਵੀ ਸ਼ਿਰਕਤ ਕੀਤੀ। ਵੱਡੀ ਗਿਣਤੀ ਵਿਚ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਨੇ ਵੀ ਸਮਾਗਮ ਵਿੱਚ ਸ਼ਾਮਲ ਹੋਏ। ਮਹਾਂਮੰਡਲੇਸ਼ਵਰ ਸਵਾਮੀ ਸੁਰੇਸ਼ ਮੁਨੀ ਜੀ ਮਹਾਰਾਜ ਨੇ ਹਾਜ਼ਰ ਸ਼ਰਧਾਲੂਆਂ ਨੂੰ ਭਗਵਾਨ ਪਰਸ਼ੂਰਾਮ ਜੀ ਦੇ ਜਨਮ ਉਤਸਵ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਦੇਸ਼ ਦੇ ਸੁਧਾਰ ਵਿਚ ਸੱਭ ਤੋਂ ਵੱਡਾ ਯੋਗਦਾਨ ਬ੍ਰਾਹਮਣ ਸਮਾਜ ਦਾ ਹੈ। ਬ੍ਰਾਹਮਣ ਧਾਰਮਿਕ ਸਮਾਗਮਾਂ ਦੇ ਆਯੋਜਨਾਂ ਰਾਹੀਂ ਲੋਕਾਂ ਦਾ ਬੁਰਾਈਆਂ ਤੋਂ ਬਚਣ ਅਤੇ ਸ਼ਾਂਤੀ ਬਣਾਈ ਰੱਖਣ ਲਈ ਮਾਰਗ ਦਰਸ਼ਨ ਕਰਦੇ ਹਨ। ਭਗਵਾਨ ਪਰਸ਼ੂਰਾਮ ਜੀ ਦੇ ਜੀਵਨ ਬਾਰੇ ਦੱਸਦਿਆਂ ਸਵਾਮੀ ਜੀ ਨੇ ਕਿਹਾ ਭਗਵਾਨ ਪਰਸ਼ੂਰਾਮ ਜੀ ਦਾ ਜੀਵਨ ਮਹਾਂਭਾਰਤ ਅਤੇ ਰਾਮਾਇਣ ਕਾਲ ਨਾਲ ਜੁੜਿਆ ਹੋਇਆ ਹੈ। ਭਗਵਾਨ ਸ਼ਿਵ ਵਲੋਂ ਮਿਲੇ ਅਮੋਘ ਪਰਸ਼ੂ (ਫਰਸੇ) ਨਾਲ ਇਨ੍ਹਾਂ ਦਾ ਨਾਂ ਪਰਸ਼ੂਰਾਮ ਪਿਆ । ਭਗਵਾਨ ਸ਼ਿਵ ਦੀ ਕ੍ਰਿਪਾ ਨਾਲ ਹੀ ਭਗਵਾਨ ਸ਼੍ਰੀਕ੍ਰਿਸ਼ਨ ਦਾ ਤ੍ਰੈਲੋਕ ਵਿਜੇ ਕਵਚ ਪ੍ਰਾਪਤ ਹੋਇਆ। ਭਗਵਾਨ ਪਰਸ਼ੂਰਾਮ ਜੀ ਨੇ ਭੀਸ਼ਮ, ਦ੍ਰੋਣ ਤੇ ਕਰਣ ਨੂੰ ਵੀ ਹਥਿਆਰਾਂ ਦੀ ਵਿੱਦਿਆ ਸਿਖਾਈ।

ਵੈਦਿਕ ਭਗਵਾਨ ਪਰਸ਼ੂਰਾਮ ਜੀ ਨੇ ਬ੍ਰਾਹਮਣ ਕੁਲ 'ਚ ਜਨਮ ਲੈ ਕੇ ਨਾ ਸਿਰਫ ਵੇਦ-ਸ਼ਾਸਤਰਾਂ ਦਾ ਗਿਆਨ ਪ੍ਰਾਪਤ ਕੀਤਾ ਸਗੋਂ ਕਸ਼ਤਰੀ ਸੁਭਾਅ ਨੂੰ ਧਾਰਨ ਕਰਦੇ ਹੋਏ ਸ਼ਸਤਰਾਂ ਨੂੰ ਵੀ ਧਾਰਨ ਕੀਤਾ ਅਤੇ ਇਸ ਨਾਲ ਉਹ ਪੂਰੇ ਸਨਾਤਨ ਜਗਤ ਦੇ ਪਜਨੀਕ ਅਤੇ ਸਾਰੇ ਸ਼ਸਤਰਾਂ ਅਤੇ ਸ਼ਾਸਤਰਾਂ ਦੇ ਜਾਣੂ ਵੀ ਕਹਾਏ। ਇਸ ਮੌਕੇ ਬ੍ਰਾਹਮਣ ਸਭਾ ਵੱਲੋਂ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਦਾ ਸਨਮਾਨ ਵੀ ਕੀਤਾ ਗਿਆ। ਸਮਾਗਮ ਦੇ ਅੰਤ ਵਿਚ ਬ੍ਰਾਹਮਣ ਸਭਾ ਦੇ ਚੇਅਰਮੈਨ ਇੰਦਰਜੀਤ ਸ਼ਰਮਾ, ਪ੍ਰਧਾਨ ਸੋਮ ਦੱਤ ਸ਼ਰਮਾ, ਕੈਲਾਸ਼ ਚੰਦ ਕੌਸ਼ਿਕ ਸੈਕਟਰੀ ਅਤੇ ਸਮੂਹ ਮੈਂਬਰਾਂ ਨੇ ਹਾਜ਼ਰ ਸ਼ਰਧਾਲੂਆਂ ਨੂੰ ਭਗਵਾਨ ਪਰਸ਼ੂਰਾਮ ਜੀ ਦੇ ਜਨਮ ਉਤਸਵ ਦੀ ਵਧਾਈ ਦਿੱਤੀ ਅਤੇ ਧੰਨਵਾਦ ਵੀ ਕੀਤਾ। ਸਮਾਗਮ ਦੀ ਸਮਾਪਤੀ ਉਪਰੰਤ ਲੰਗਰ ਅਤੁੱਟ ਵਰਤਿਆ। ਇਸ ਮੌਕੇ ਆਮ ਸ਼ਰਧਾਲੂਆਂ ਤੋਂ ਇਲਾਵਾ ਪ੍ਰਵੀਨ ਕੁਮਾਰ ਪੱਕਾ ਐਮਸੀ, ਕ੍ਰਿਸ਼ਨ ਕੁਮਾਰ ਕਾਲਾ ਸਾਬਕਾ ਪ੍ਰਧਾਨ, ਮਨੋਜ ਸੀਂਗੋ ਐਮਸੀ, ਸੂਰਜ ਰਤਨ ਮਹੇਸ਼ਵਰੀ ਪ੍ਰਧਾਨ ਰੇਲਵੇ ਪੈਸੇਂਜਰ ਐਸੋਸੀਏਸ਼ਨ, ,ਮੈਂਗਲ ਰਾਮ ਲੈਹਰੀ, ਉਦੈ ਕੁਮਾਰ ਬੰਗੀ ਪ੍ਰਧਾਨ ਸ਼੍ਰੀ ਗੀਤਾ ਭਵਨ ਕਮੇਟੀ, ਵਿਸ਼ਾਲ ਗੋਇਲ, ਗੋਲਡੀ ਮਹੇਸ਼ਵਰੀ ਸਮਾਜਸੇਵੀ,ਅਸ਼ੋਕ ਸਿੰਗਲਾ, ਨਿਰਮਲ ਓਸਵਾਲ, ਦਿਨੇਸ਼ ਮਿੱਤਲ, ਤੇਲੂ ਰਾਮ ਬਾਂਸਲ ਨੌਰੰਗ , ਤੇਲੂ ਰਾਮ ਲੈਹਰੀ ਪ੍ਰਧਾਨ ਅਗਰਵਾਲ ਸਭਾ, ਵਿਜੇ ਲੈਹਰੀ ਪ੍ਰਧਾਨ ਸ਼੍ਰੀ ਗਊਸ਼ਾਲਾ ਕਮੇਟੀ, ਸੁਭਾਸ਼ ਸ਼ਰਮਾ, ਬਾਬਾ ਅਸਰੈਲ ਖਾਂ, ਬੌਬੀ ਲੈਹਰੀ ਪ੍ਰਧਾਨ ਹੈਲਪ ਲਾਈਨ, ਵਿਸ਼ਾਲ ਲੈਹਰੀ ਪ੍ਰਧਾਨ ਲੋਕ ਭਲਾਈ ਸੰਮਤੀ, ਹੀਰਾ ਲਾਲ ਗੋਇਲ ਆਦਿ ਵਿਸ਼ੇਸ਼ ਤੌਰ ਤੇ ਹਾਜਰ ਸਨ।

## ਪਿੰਡ ਗਾਟਵਾਲੀ ਦੇ ਨੌਜਵਾਨ ਦੀ ਟਰਾਲੀ ਥੱਲੇ ਆਉਣ ਨਾਲ ਮੌਤ



ਰਾਮਾਂ ਮੰਡੀ, 10 ਮਈ -ਅੱਜ ਸਵੇਰੇ ਪਿੰਡ ਗਾਟਵਾਲੀ ਅਤੇ ਮਲਕਾਣਾ ਦੇ ਵਿਚਕਾਰ ਸਥਿਤ ਇੱਕ ਇਟ ਭੱਠੇ ਤੇ ਕੰਮ ਕਰ ਰਹੇ ਨੌਜਵਾਨ ਮਜ਼ਦੂਰ ਬਿੰਦਰ ਸਿੰਘ (21) ਪੁੱਤਰ ਕਰਨੈਲ ਸਿੰਘ ਵਾਸੀ ਗਾਟਵਾਲੀ ਦੀ ਟਰਾਲੀ ਥੱਲੇ ਆਉਣ ਨਾਲ ਮੌਕੇ ਤੇ ਹੀ ਮੌਤ ਹੋ ਜਾਣ ਦਾ ਸਮਾਚਾਰ ਹੈ। ਮ੍ਰਿਤਕ ਦੀ ਲਾਸ਼ ਨੂੰ ਪੋਸਟਮਾਰਟਮ ਲਈ ਸਹਾਰਾ ਵੈਲਫੇਅਰ ਕਲੱਬ ਰਾਮਾਂ ਮੰਡੀ ਵੱਲੋਂ ਐਂਬੂਲੈਂਸ ਰਾਹੀਂ ਸਿਵਿਲ ਹਸਪਤਾਲ ਤਲਵੰਡੀ ਸਾਬੋ ਪਹੁੰਚਾਇਆ ਗਿਆ । ਪਿੰਡ ਵਾਸੀਆਂ ਦੇ ਦੱਸਣ ਮੁਤਾਬਿਕ ਮ੍ਰਿਤਕ ਮਜ਼ਦੂਰ ਦਾ ਕੁਝ ਮਹੀਨੇ ਪਹਿਲਾਂ ਹੀ ਵਿਆਹ ਹੋਇਆ ਸੀ ਅਤੇ ਉਹ ਇੱਟ ਭੱਠੇ ਤੇ ਮਜਦੂਰੀ ਕਰਦਾ ਸੀ ਕਿ ਇੱਟਾਂ ਦੀ ਭਰੀ ਟਰਾਲੀ ਬੈਕ ਕਰਦੇ ਸਮੇਂ ਉਸਦੇ ਥੱਲੇ ਆ ਗਿਆ ਜਿਸ ਨਾਲ ਮੌਕੇ ਤੇ ਹੀ ਉਸਦੀ ਮੌਤ ਹੋ ਗਈ। ਮਜ਼ਦੂਰ ਦੀ ਮੌਤ ਦੀ ਖ਼ਬਰ ਪਿੰਡ ਵਿੱਚ ਫੈਲਦੇ ਹੀ ਪਿੰਡ ਵਿੱਚ ਸੋਗ ਜੀ ਲਹਿਰ ਦੌੜ ਗਈ।

## ਡੀਪੂ ਹੋਲਡਰਾਂ ਵਲੋਂ ਆਪ ਸਰਕਾਰ ਨੂੰ ਸਬਕ ਸਿਖਾਉਣ ਦਾ ਐਲਾਨ

ਸੰਗਰੂਰ,10 ਮਈ - ਆਪ ਸਰਕਾਰ ਵਲੋਂ ਡੀਪੂ ਹੋਲਡਰਾਂ ਖ਼ਿਲਾਫ਼ ਕੀਤੀ ਜਾ ਰਹੀ ਧੱਕੇਸ਼ਾਹੀ ਖਿਲਾਫ ਇੱਕਮੁੱਠ ਹੋਣ ਅਤੇ ਡੀਪੂ ਹੋਲਡਰਾਂ ਦੇ ਭਖਦੇ ਮੁੱਦਿਆਂ ਨੂੰ ਲੈਕੇ ਅੱਜ ਗੁਰਦੁਆਰਾ ਸਿੰਘ ਸਭਾ ਸੰਗਰੂਰ ਵਿਖੇ ਡੀਪੂ ਹੋਲਡਰਾਂ ਦੀ ਸੂਬਾ ਪੱਧਰੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਮੰਗੀ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਨੂੰ ਸੰਬੋਧਨ ਕਰਨ ਲਈ ਡੀਪੂ ਹੋਲਡਰ ਫੇਡਰੇਸ਼ਨ 118 ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਕਾਂਝਲਾ ਤੋਂ ਇਲਾਵਾ ਪੰਜਾਬ ਭਰ ਦੇ ਜ਼ਿਲ੍ਹਿਆਂ ਤੋਂ ਜ਼ਿਲ੍ਹਾ ਪ੍ਰਧਾਨ, ਬਲਾਕ ਪ੍ਰਧਾਨ ਅਤੇ ਹੋਰ ਪ੍ਰਮੁੱਖ ਡੀਪੂ ਹੋਲਡਰ ਆਗੂਆਂ ਨੇ ਸ਼ਮੂਲੀਅਤ ਕੀਤੀ। ਭਰਵੀਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਪ੍ਰਧਾਨ ਸੁਖਵਿੰਦਰ ਸਿੰਘ ਕਾਂਝਲਾ ਨੇ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੂੰ ਨਿਸ਼ਾਨੇ ਤੇ ਲੈਂਦਿਆ ਇਸ ਵਾਰ ਦੀਆਂ ਲੋਕ ਸਭਾ ਚੋਣਾਂ ਵਿਚ ਸੱਤਾਧਾਰੀ ਪਾਰਟੀ ਨੂੰ ਸਬਕ ਸਿਖਾਉਣ ਦੀ ਅਪੀਲ ਕੀਤੀ। ਉਹਨਾਂ ਕਿਹਾ ਕਿ ਸੂਬੇ ਦੇ 18500 ਡੀਪੂ ਹੋਲਡਰ ਸਰਕਾਰਾਂ ਦੀ ਬਾਜ਼ੀ ਪਲਟਣ ਦੀ ਸਮਰੱਥਾ ਰੱਖਦੇ ਹਨ। ਉਹਨਾਂ ਕਿਹਾ ਕਿ ਹਰੇਕ ਡੀਪੂ ਹੋਲਡਰ ਸਾਰੇ ਪਿੰਡ ਵਿੱਚ ਆਪਣਾ ਪ੍ਰਭਾਵ ਰੱਖਦਾ ਹੈ ਇਸੇ ਪ੍ਰਭਾਵ ਦੇ ਸਦਕਾ ਲੋਕਾਂ ਨੂੰ ਆਪ ਸਰਕਾਰ ਦੇ ਖਿਲਾਫ ਭੁਗਤਣ ਦੀ ਅਪੀਲ ਕੀਤੀ ਜਾਵੇਗੀ। ਪਿੰਡਾਂ ਵਿਚ ਚੋਣ ਪ੍ਰਚਾਰ ਕਰਨ ਆਉਂਦੇ ਆਪ ਆਗੂਆਂ ਨੂੰ ਸਵਾਲ ਕੀਤੇ ਜਾਣਗੇ ਅਤੇ ਯਕੀਨੀ ਬਣਾਇਆ ਜਾਵੇਗਾ ਕਿ ਪੰਜਾਬ 'ਚੋਂ ਆਪ ਦਾ ਇਕ ਵੀ ਉਮੀਦਵਾਰ ਨਾ ਜਿੱਤ ਸਕੇ। ਉਨ੍ਹਾਂ ਕਿਹਾ ਕਿ ਸੂਬੇ ਦੀ ਆਪ ਸਰਕਾਰ ਵਲੋ ਘਰ ਘਰ ਆਟਾ ਪਹੁੰਚਾਉਣ ਦੇ ਨਾਮ ਤੇ ਨਾ ਸਿਰਫ ਡੀਪੂ ਹੋਲਡਰਾਂ ਦਾ ਰੁਜ਼ਗਾਰ ਖੋਹਿਆ ਜਾ ਰਿਹਾ ਸਗੋਂ ਲਾਭਪਾਤਰੀਆਂ ਦੇ ਇੱਛਾ ਦੇ ਉਲਟ ਆਟੇ ਦੀ ਨੀਤੀ ਲਾਗੂ ਕਰਕੇ ਸਰਕਾਰ ਦਾ ਕਰੋੜਾਂ ਅਰਬਾਂ ਰੁਪਿਆ ਵਿਅਰਥ ਲੁਟਾਇਆ ਜਾ ਰਿਹਾ ਹੈ। ਇਸ ਮੌਕੇ ਕਰਮਜੀਤ ਸਿੰਘ ਮੁਹਾਲੀ, ਅਵਤਾਰ ਸਿੰਘ ਮੁਕਤਸਰ ਸਾਹਿਬ, ਬਿੱਲੂ ਬਜਾਜ ਫਰੀਦਕੋਟ, ਜਗਤਾਰ ਸਿੰਘ ਫਿਰੋਜ਼ਪੁਰ, ਅਮਰਜੀਤ ਸਿੰਘ ਲੁਧਿਆਣਾ, ਸੰਤੋਖ ਸਿੰਘ ਬਠਿੰਡਾ, ਨਰਿੰਦਰ ਸ਼ਰਮਾ ਕੋਟਕਪੂਰਾ, ਅਨਿਲ ਕੁਮਾਰ ਪਟਿਆਲਾ, ਦਰਸ਼ਨ ਕਾਂਗੜਾ, ਸੁਖਵਿੰਦਰ ਸਿੰਘ ਭੋਲਾ, ਗੁਰਜੀਤ ਸਿੰਘ ਮਾਲੇਰਕੋਟਲਾ, ਬਿੱਲੂ ਬਾਠ ਫਿਰੋਜ਼ਪੁਰ, ਅਮਰਜੀਤ ਸਿੰਘ ਪਸਿਆਣਾ, ਕਰਮਜੀਤ ਸਿੰਘ ਮਾਲੇਰਕੋਟਲਾ, ਵਿਸਾਖਾ ਸਿੰਘ ਫਤਿਹਗੜ੍ਹ, ਕਰਮਜੀਤ ਸਿੰਘ ਘੱਗਾ, ਜਨਕ ਰਾਜ ਦਿੜ੍ਹਬਾ, ਸੁਖਦੇਵ ਸਿੰਘ ਮਾਛੀ ਕੇ, ਪਰਮਜੀਤ ਸਿੰਘ ਹਾਂਡਾ, ਦਲਬਾਰ ਸਿੰਘ ਮੋਗਾ, ਇੰਦਰਜੀਤ ਸਿੰਘ ਚੜਿੱਕ, ਗੁਰਜੰਟ ਸਿੰਘ ਸ਼ੇਰੋਂ, ਮੰਗਤ ਰਾਮ ਦਿਆਲਗੜ੍ਹ, ਗੁਰਮੁਖ ਸਿੰਘ ਢੱਡਰੀਆਂ, ਬਲਜੀਤ ਸਿੰਘ ਜ਼ੀਰਾ, ਸ਼ੰਭੂ ਨਾਥ ਲਹਿਰਾਗਾਗਾ ਭਰਪੂਰ ਸਿੰਘ ਬੇਨੜਾ ਆਦਿ ਹਾਜ਼ਰ ਸਨ।

# ਪੀ ਏ ਯੂ ਦੇ ਸੇਵਾ ਮੁਕਤ ਅਧਿਆਪਕ ਗੁਰਭਜਨ ਗਿੱਲ ਦੀਆਂ ਚੋਣਵੀਆਂ ਗ਼ਜ਼ਲਾਂ ਦਾ ਸੰਗ੍ਰਹਿ ਇਤਫ਼ਾਕ ਵਾਈਸ ਚਾਂਸਲਰ ਡਾ. ਸ ਸ ਗੋਸਲ ਤੇ ਸਾਥੀਆਂ ਵੱਲੋ ਲੋਕ ਅਰਪਣ



ਲੁਧਿਆਣਾ/ਰਾਮਪੁਰਾ ਫੂਲ- ਪੰਜਾਬ ਖੇਤੀ ਯੂਨੀਵਰਸਿਟੀ ਲੁਧਿਆਣਾ ਦੇ ਡਾ. ਮਨਮੋਹਨ ਸਿੰਘ ਆਡੀਟੋਰੀਅਮ ਵਿਖੇ ਨਾਟਕ ਮੈ ਜੱਲ੍ਹਿਆਂ ਵਾਲਾ ਬਾਗ ਬੋਲਦਾਂ ਦੀ ਪੇਸ਼ਕਾਰੀ ਉਪਰੰਤ ਯੂਨੀਵਰਸਿਟੀ ਦੇ ਸੰਚਾਰ ਕੇਂਦਰ ਵਿੱਚੋਂ ਸੇਵਾ ਮੁਕਤ ਅਧਿਆਪਕ ਤੇ ਚੰਗੀ ਖੇਤੀ ਮਾਸਿਕ ਪੱਤਰ ਦੇ ਸੀਨੀਅਰ ਸੰਪਾਦਕ ਪ੍ਰੋ. ਗੁਰਭਜਨ ਸਿੰਘ ਗਿੱਲ ਦੀਆਂ ਚੋਣਵੀਆਂ ਗ਼ਜ਼ਲਾਂ ਦਾ ਸੰਗ੍ਰਹਿ ਇਤਫ਼ਾਕ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ? ਸਤਿਬੀਰ ਸਿੰਘ ਗੋਸਲ,ਨਿਰਦੇਸ਼ਕ ਪਸਾਰ ਸਿੱਖਿਆ ਡਾ. ਮੱਖਣ ਸਿੰਘ ਭੁੱਲਰ, ਡਾ. ਕੇਸ਼ੋ ਰਾਮ ਸੋਸਾਇਟੀ ਦੇ ਸਰਪ੍ਰਸਤ ਕਰਨਲ ਜਸਜੀਤ ਸਿੰਘ ਭੁੱਲਰ, ਖੇਤੀਬਾੜੀ ਕਾਲਿਜ ਦੇ ਡੀਨ ਡਾ. ਚਰਨਜੀਤ ਸਿੰਘ ਔਲਖ, ਪਸਾਰ ਸਿੱਖਿਆ ਵਿਭਾਗ ਦੇ ਮੁਖੀ ਡਾ. ਕੁਲਦੀਪ ਸਿੰਘ,ਪੰਜਾਬੀ ਸਾਹਿੱਤ ਅਕਾਡਮੀ ਦੇ ਮੀਤ ਪ੍ਰਧਾਨ ਤ੍ਰੈਲੋਚਨ ਲੋਚੀ, ਸੰਚਾਰ ਕੇਂਦਰ ਦੇ ਡਿਪਟੀ ਡਾਇਰੈਕਟਰ (ਰੇਡੀਉ ਤੇ ਟੀ ਵੀ)ਡਾ. ਅਨਿਲ ਸ਼ਰਮਾ, ਪੰਜਾਬ ਕਲਚਰਲ ਸੋਸਾਇਟੀ ਦੇ ਪ੍ਰਧਾਨ ਤੇ ਫਿਲਮ ਨਿਰਦੇਸ਼ਕ ਰਵਿੰਦਰ ਰੰਗੂਵਾਲ ਤੇ ਉੱਘੇ ਹਾਕੀ ਖਿਡਾਰੀ ਸ. ਅਜੈਪਾਲ ਸਿੰਘ ਪੂਨੀਆ ਵੱਲੋ ਲੋਕ ਅਰਪਣ ਕੀਤੀ ਗਈ।

ਇਸ ਮੌਕੇ ਵਾਈਸ ਚਾਂਸਲਰ ਡਾ. ਸਤਿਬੀਰ ਸਿੰਘ ਗੋਸਲ ਨੇ ਪੰਜਾਬ ਖੇਤੀ ਯੂਨੀਵਰਸਿਟੀ ਲੁਧਿਆਣਾ ਦੀ ਸਾਹਿੱਤਕ ਵਿਰਾਸਤ ਨੂੰ ਵਡਿਆਉਂਦਿਆਂ ਕਿਹਾ ਕਿ ਇਸ ਧਰਤੀ ਤੇ ਇਕੱਲਾ ਵਿਗਿਆਨ ਹੀ ਨਹੀਂ ਸਗੋਂ ਸਾਹਿੱਤ ਵੀ ਵਿਕਸਤ ਹੋਇਆ ਹੈ। ਡਾ. ਮ ਸ ਰੰਧਾਵਾ ਜੀ ਨੇ ਇਸ ਯੂਨੀਵਰਸਿਟੀ ਵਿੱਚ ਯੁਗ ਕਵੀ ਪ੍ਰੋ. ਮੋਹਨ ਸਿੰਘ , ਸ. ਕੁਲਵੰਤ ਸਿੰਘ ਵਿਰਕ, ਅਜਾਇਬ ਚਿਤਰਕਾਰ, ਪ੍ਰਿੰਸੀਪਲ ਸੰਤ ਸਿੰਘ ਸੇਖੋਂ, ਗੁਲਜ਼ਾਰ ਸਿੰਘ ਸੰਧੂ,ਕ੍ਰਿਸ਼ਨ ਅਦੀਬ, ਡਾ. ਸੁਰਜੀਤ ਪਾਤਰ ਸਮੇਤ ਅਨੇਕਾਂ ਲੇਖਕਾਂ ਨੂੰ ਸਨਮਾਨਿਤ ਪਦਵੀਆਂ ਤੇ ਨਿਯੁਕਤ ਕਰਕੇ ਇਸ ਸੰਸਥਾ ਨੂੰ ਸਾਹਿੱਤ ਦਾ ਮੁੱਖ ਕੇਂਦਰ ਵੀ ਬਣਾਇਆ। ਭਾਵੇਂ ਪਹਿਲਾਂ ਵੀ ਇਸ ਮਹਾਨ ਸੰਸਥਾ ਵਿੱਚ ਡਾ. ਵਿਦਿਆ ਭਾਸਕਰ ਅਰੁਣ, ਡਾ. ਸ ਸ ਦੋਸਾਂਝ, ਡਾ. ਸ ਨ ਸੇਵਕ ਤੇ ਡਾ? ਸਾਧੂ ਸਿੰਘ ਵਰਗੇ ਸਾਹਿੱਤ ਸਾਧਕ ਯੂਨੀਵਰਸਿਟੀ ਸੇਵਾ ਵਿੱਚ ਆ ਚੁਕੇ ਸਨ ਪਰ ਸਾਹਿੱਤਕ ਮਾਹੌਲ ਦੀ ਉਸਾਰੀ ਕਰਨ ਵਿੱਚ ਡਾ. ਰੰਧਾਵਾ ਦਾ ਕੋਈ ਮੁਕਾਬਲਾ ਨਹੀਂ ਸੀ।

ਪ੍ਰੋ? ਗੁਰਭਜਨ ਸਿੰਘ ਗਿੱਲ ਨੇ ਵੀ ਇਸ ਯੂਨੀਵਰਸਿਟੀ ਦੀ ਸਾਹਿੱਤਕ ਪਛਾਣ ਅੱਗੇ ਵਧਾਉਣ ਵਿੱਚ ਉੱਘਾ ਯੋਗਦਾਨ ਪਾਇਆ। ਮੈਨੂੰ ਮਾਣ ਹੈ ਕਿ ਅਸੀਂ ਲਗਪਗ ਤੀਹ ਸਾਲ ਸਹਿਕਰਮੀ ਰਹੇ ਹਾਂ। ਉਨ੍ਹਾਂ ਵੱਲੋਂ ਸਾਡੇ ਕਲਾਕਾਰ ਵਿਦਿਆਰਥੀਆਂ ਲਈ ਇਤਫ਼ਾਕ ਦੀਆਂ 70 ਕਾਪੀਆਂ ਭੇਂਟ ਕਰਨਾ ਚੰਗੀ ਸ਼ੁਰੂਆਤ ਹੈ। ਇਸ ਨਾਲ ਨਵੀਂ ਪੀੜ੍ਹੀ ਆਪਣੇ ਵੱਡਿਆਂ ਦੇ ਸਿਰਜੇ ਸਾਹਿੱਤ ਤੋਂ ਜਾਣੂੰ ਹੋ ਸਕੇਗੀ।

ਇਸ ਮੌਕੇ ਗੁਰਭਜਨ ਗਿੱਲ ਨੇ ਕਿਹਾ ਕਿ ਇਸ ਯੂਨੀਵਰਸਿਟੀ ਵਿੱਚ ਸੇਵਾ ਦੌਰਾਨ ਲਗਪਗ ਨੌਂ ਵਾਈਸ ਚਾਂਸਲਰ ਸਾਹਿਬਾਨ, ਸਾਥੀ ਅਧਿਆਪਕਾਂ ਕੇ ਵਿਦਿਆਰਥੀਆਂ ਵੱਲੋਂ ਮਿਲੇ ਮਾਣ ਦਾ ਹੀ ਪ੍ਰਤਾਪ ਹੈ ਕਿ ਇਥੇ ਬਾਰ ਬਾਰ ਆਉਣ ਨੂੰ ਹੁਣ ਵੀ ਦਿਲ ਤਾਂਘਦਾ ਹੈ। ਉਨ੍ਹਾਂ ਪਸਾਰ ਸਿੱਖਿਆ ਡਾਇਰੈਕਟਰ ਡਾ. ਮੱਖਣ ਸਿੰਘ ਭੁੱਲਰ ਤੇ ਡਾ. ਅਨਿਲ ਸ਼ਰਮਾ ਦਾ ਧੰਨਵਾਦ ਕੀਤਾ ਜਿੰਨ੍ਹਾਂ ਨੇ ਨਾਟਕ ਪੇਸ਼ਕਾਰੀ ਬਹਾਨੇ ਏਨੀ ਚੰਗੀ ਸੰਗਤ ਦੇ ਰੂ ਬਰੂ ਹੋਣ ਦਾ ਮੌਕਾ ਦਿੱਤਾ ਹੈ।

ਡਾ. ਅਨਿਲ ਸ਼ਰਮਾ ਨੇ ਦੱਸਿਆ ਕਿ ਪ੍ਰੋ. ਗੁਰਭਜਨ ਸਿੰਘ ਗਿੱਲ ਹੁਣ ਤੀਕ ਸ਼ੀਸ਼ਾ ਝੂਠ ਬੋਲਦਾ ਹੈ ,ਹਰ ਧੁਖਦਾ ਪਿੰਡ ਮੇਰਾ ਹੈ,ਸੁਰਖ਼ ਸਮੁੰਦਰ ,ਦੋ ਹਰਫ਼ ਰਸੀਦੀ,ਅਗਨ ਕਥਾ,ਮਨ ਦੇ ਬੂਹੇ ਬਾਰੀਆਂ ,ਧਰਤੀ ਨਾਦ ,ਖ਼ੈਰ ਪੰਜਾਂ ਪਾਣੀਆਂ ਦੀ ,ਫ਼ੁੱਲਾਂ ਦੀ ਝਾਂਜਰ,ਪਾਰਦਰਸ਼ੀ ,ਮੋਰਪੰਖ,ਮਨ ਤੰਦੂਰ,ਤਾਰਿਆਂ ਦੇ ਨਾਲ ਗੱਲਾਂ ਕਰਦਿਆਂ, ਗੁਲਨਾਰ, ਮਿਰਗਾਵਲੀ ,ਰਾਵੀ,ਸੁਰਤਾਲ ,ਚਰਖ਼ੜੀ,ਪਿੱਪਲ ਪੱਤੀਆਂ (ਗੀਤ ਸੰਗ੍ਰਹਿ ), ਜਲ ਕਣ ਪੱਤੇ ਪੱਤੇ ਲਿਖੀ ਇਬਾਰਤ(ਤੇਜ ਪ੍ਰਤਾਪ ਸਿੰਘ ਸੰਧੂ ਦੇ ਫੋਟੋ ਚਿਤਰਾਂ ਵਾਲੀ ਕੌਫੀ ਟੇਬਲ ਕਿਤਾਬ) ਤੇ ਪਿਛਲੇ ਪੰਜਾਹ ਸਾਲ ਦੌਰਾਨ ਲਿਖੀਆਂ ਗ਼ਜ਼ਲਾਂ ਦਾ ਵੱਡ ਆਕਾਰੀ ਗ਼ਜ਼ਲ ਸੰਗ੍ਰਹਿ ਅੱਖਰ ਅੱਖਰ ਵੀ ਛਪ ਚੁਕੀ ਹੈ। ਇਹ ਗੁਰਭਜਨ ਗਿੱਲ ਵੱਲੋਂ ਲਿਖੀਆਂ 900 ਗ਼ਜ਼ਲਾਂ ਵਿੱਚੋਂ ਚੋਣਵੀਆਂ 106 ਗ਼ਜ਼ਲਾਂ ਦੀ ਸੱਜਰੀ ਕਿਤਾਬ ਹੈ ਜੋ ਇਤਫ਼ਾਕ ਨਾਮ ਹੇਠ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਖੋਜੀ ਵਿਦਵਾਨ ਡਾ. ਸਤਿੰਦਰਜੀਤ ਸਿੰਘ ਸਨੀ ਪੱਖੋ ਕੇ ਅਤੇ ਬੀ ਬੀ ਕੇ ਡੀਏ ਵੀ ਕਾਲਿਜ ਅੰਮ੍ਰਿਤਸਰ ਦੇ ਅਧਿਆਪਕ ਪ੍ਰੋ. ਜਗਮੀਤ ਸਿੰਘ ਨੇ ਸੰਪਾਦਿਤ ਕੀਤੀ ਹੈ।ਉਨ੍ਹਾਂ ਪੇਸ਼ ਨਾਟਕ ਮੈਂ ਜੱਲ੍ਹਿਆਂ ਵਾਲਾ ਬਾਗ ਬੋਲਦਾਂ ਦੇ ਸਮੂਹ ਕਲਾਕਾਰਾਂ ਤੇ ਸਹਿਯੋਗੀਆਂ ਲਈ 70 ਕਿਤਾਬਾਂ ਭੇਂਟ ਕਰਨ ਦਾ ਧੰਨਵਾਦ ਕੀਤਾ।

# ਚੌਥੇ ਦਿਨ ਚਾਰ ਉਮੀਦਾਵਾਰਾਂ ਨੇ ਭਰੇ ਨਾਮਜ਼ਦਗੀ ਪੱਤਰ: ਜ਼ਿਲ੍ਹਾ ਚੋਣ ਅ.ਫਸਰ



ਫ਼ਿਰੋਜ਼ਪੁਰ, - ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਚੋਣ ਸ਼ਡਿਊਲ ਅਨੁਸਾਰ ਲੋਕ ਸਭਾ ਹਲਕਾ 10-ਫਿਰੋਜ਼ਪੁਰ ਵਿਖੇ ਨਾਮਜ਼ਦਗੀਆਂ ਤੇ ਚੌਥੇ ਦਿਨ ਚਾਰ ਉਮੀਦਵਾਰਾਂ ਨੇ ਰਿਟਰਨਿੰਗ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਸ਼੍ਰੀ ਰਾਜੇਸ਼ ਧੀਮਾਨ ਦੇ ਦਫ਼ਤਰ ਵਿਖੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਹਨ। ਰਿਟਰਨਿੰਗ ਅਫ਼ਸਰ ਲੋਕ ਸਭਾ ਹਲਕਾ 10-ਫਿਰੋਜ਼ਪੁਰ ਸ਼੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਲੋਕ ਸਭਾ ਚੋਣਾਂ ਲਈ ਨਾਮਜ਼ਦਗੀਆਂ ਭਰਨ ਦੇ ਅੱਜ ਚੌਥੇ ਦਿਨ 04 ਉਮੀਦਵਾਰਾਂ ਸ਼੍ਰੀ ਮੋਹਨ ਸਿੰਘ (ਆਜ਼ਾਦ), ਸ਼੍ਰੀ ਨਰਦੇਵ ਸਿੰਘ (ਸ਼੍ਰੋਮਣੀ ਅਕਾਲੀ ਦਲ) ਤੇ ਸ੍ਰੀ ਹਰਪਿੰਦਰ ਸਿੰਘ ਮਾਨ (ਸ਼੍ਰੋਮਣੀ ਅਕਾਲੀ ਦਲ) ਅਤੇ ਜਸਕਰਨ ਸਿੰਘ (ਆਜ਼ਾਦ) ਵੱਲੋਂ ਆਪਣੇ ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ। ਨਾਮਜ਼ਦਗੀਆਂ ਭਰਨ ਦਾ ਸਮਾਂ ਸਵੇਰੇ 11:00 ਤੋਂ ਦੁਪਹਿਰ 3:00 ਵਜੇ ਤੱਕ ਹੈ ਅਤੇ ਨਾਮਜ਼ਦਗੀ ਪੱਤਰ ਦਾਖਲ ਕਰਵਾਉਣ ਦੀ ਆਖਰੀ ਮਿਤੀ 14 ਮਈ 2024 ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ ਲੋਕ ਸਭਾ ਹਲਕਾ 10 - ਫਿਰੋਜ਼ਪੁਰ ਲਈ ਕੁੱਲ 9 ਉਮੀਦਵਾਰਾਂ ਵੱਲੋਂ ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਹਨ।

ਉਨ੍ਹਾਂ ਦੱਸਿਆ 14 ਮਈ, 2024 ਤੱਕ ਨਾਮਜ਼ਦਗੀ ਪੱਤਰ ਦਾਖਲ ਕੀਤੇ ਜਾ ਸਕਦੇ ਹਨ। ਨਾਮਜ਼ਦਗੀ ਪੱਤਰਾਂ ਦੀ ਪੜਤਾਲ 15 ਮਈ ਨੂੰ ਅਤੇ ਨਾਮਜ਼ਦਗੀਆਂ ਦੀ ਵਾਪਸੀ 17 ਮਈ ਤੱਕ ਹੋਵੇਗੀ। ਮਤਦਾਨ 1 ਜੂਨ 2024 ਨੂੰ ਹੋਵੇਗਾ ਅਤੇ ਗਿਣਤੀ 4 ਜੂਨ, 2024 ਨੂੰ ਹੋਵੇਗੀ। ਉਨ੍ਹਾਂ ਸਮੂਹ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਜ਼ੋਰ ਦਿੰਦਿਆਂ ਕਿਹਾ ਕਿ ਆਦਰਸ਼ ਚੋਣ ਜਾਬਤੇ ਦੀ ਸਖ਼ਤੀ ਨਾਲ ਪਾਲਣਾ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਸਮੁੱਚੀ ਚੋਣ ਪ੍ਰਕਿਰਿਆ ਦੌਰਾਨ ਇਕ ਉਮੀਦਵਾਰ ਆਪਣੀ ਚੋਣ ਮੁਹਿੰਮ ‘ਤੇ ×95 ਲੱਖ ਰੁਪਏ× ਤੋਂ ਵੱਧ ਦਾ ਖ਼ਰਚਾ ਨਹੀਂ ਕਰ ਸਕਦਾ ਅਤੇ 20 ਹਜ਼ਾਰ ਰੁਪਏ ਤੋਂ ਵੱਧ ਦੀ ਅਦਾਇਗੀ ਕੇਵਲ ਚੈੱਕ ਰਾਹੀਂ ਹੀ ਕੀਤੀ ਜਾ ਸਕਦੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਉਮੀਦਵਾਰ ਵੱਲੋਂ ਕੀਤੇ ਗਏ ਖ਼ਰਚੇ ਦਾ ਖ਼ਰਚਾ ਰਜਿਸਟਰ ਵਿਚ ਇੰਦਰਾਜ ਕਰਨਾ ਲਾਜ਼ਮੀ ਹੈ। ਉਨ੍ਹਾਂ ਦੱਸਿਆ ਕਿ 11 ਮਈ, 2024 ਨੂੰ ਦੂਜਾ ਸ਼ਨੀਵਾਰ ਅਤੇ 12 ਮਈ, 2024 ਨੂੰ ਐਤਵਾਰ ਹੋਣ ਕਰਕੇ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ, 1881 ਤਹਿਤ ਛੁੱਟੀ ਹੋਵੇਗੀ। ਇਨ੍ਹਾਂ ਦੋਵੇਂ ਦਿਨਾਂ ਦੌਰਾਨ ਨਾਮਜ਼ਦਗੀ ਪੱਤਰ ਨਹੀਂ ਭਰੇ ਜਾ ਸਕਣਗੇ।




ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖ਼ਬਰਾਂ, ਰਿਪੋਰਟਾਂ , ਲੇਖ , ਕਹਾਣੀਆਂ , ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ ਸੂਚਨਾ , ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਅਖਬਾਰ ਇੰਨਾਂ ਨੂੰ ਤਸਦੀਕ ਨਹੀਂ ਕਰਦਾ । ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ ਕਿ ਉਹ ਇੰਨਾਂ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀ ਕਰ ਲੈਣ । ਰੋਜ਼ਾਨਾ ਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ , ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ । ਖਬਰਾਂ ਪ੍ਰਤੀ ਜਿੰਮੇਵਾਰੀ ਸਬੰਧਤ ਪੱਤਰਕਾਰ ਦੀ ਹੋਵੇਗੀ ।

Daily Lok Bani (Punjabi) R.N.I. Punpun 29016 , 2008 Editor,Onwer , Printer, Publisher , Amandeep Mehra ,Printed at Rachna Printers , Railway Road Jalandhar Place of Publication : 308 Sangam Complex Milap Chowk , Jalandhar (India) , Contact No. : 0181-2211009 , Fax : 2211009 , Email Id : lokbani08@gmail.com